# ਤਤਕਰਾ


| ਬਾਣੀ | ਪੰਨਾ |
|---|---|
| ੧. ਜਪੁਜੀ ਸਾਹਿਬ | ੧ |
| ੨. ਜਾਪੁ ਸਾਹਿਬ | ੯ |
| ੩. ਤ੍ਵ ਪ੍ਰਸਾਦਿ ਸਵੱਯੇ | ੨੦ |
| ੪. ਕਬਿਯੋਬਾਚ ਬੇਨਤੀ ਚੌਪਈ | ੨੨ |
| ੫. ਅਨੰਦੁ ਸਾਹਿਬ | ੨੫ |
| ੬. ਰਹਿਰਾਸਿ ਸਾਹਿਬ | ੩੩ |
| ੭. ਸੋਹਿਲਾ | ੪੨ |

# ਜਪੁਜੀ ਸਾਹਿਬ

## ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

## ॥ ਜਪੁ ॥

ਆਦਿ ਸਚੁ ਜੁਗਾਦਿ ਸਚੁ ॥ ਹੈ ਭੀ ਸਚੁ ਨਾਨਕ ਹੋਸੀ ਭੀ ਸਚੁ ॥੧॥ ਸੋਚੈ ਸੋਚਿ ਨ ਹੋਵਈ ਜੇ ਸੋਚੀ ਲਖ ਵਾਰ ॥ ਚੁਪੈ ਚੁਪ ਨ ਹੋਵਈ ਜੇ ਲਾਇ ਰਹਾ ਲਿਵ ਤਾਰ ॥ ਭੁਖਿਆ ਭੁਖ ਨ ਉਤਰੀ ਜੇ ਬੰਨਾ ਪੁਰੀਆ ਭਾਰ ॥ ਸਹਸ ਸਿਆਣਪਾ ਲਖ ਹੋਹਿ ਤ ਇਕ ਨ ਚਲੈ ਨਾਲਿ ॥ ਕਿਵ ਸਚਿਆਰਾ ਹੋਈਐ ਕਿਵ ਕੂੜੈ ਤੁਟੈ ਪਾਲਿ ॥ ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ ॥੧॥ ਹੁਕਮੀ ਹੋਵਨਿ ਆਕਾਰ ਹੁਕਮੁ ਨ ਕਹਿਆ ਜਾਈ ॥ ਹੁਕਮੀ ਹੋਵਨਿ ਜੀਅ ਹੁਕਮਿ ਮਿਲੈ ਵਡਿਆਈ ॥ ਹੁਕਮੀ ਉਤਮੁ ਨੀਚੁ ਹੁਕਮਿ ਲਿਖਿ ਦੁਖ ਸੁਖ ਪਾਈਅਹਿ ॥ ਇਕਨਾ ਹੁਕਮੀ ਬਖਸੀਸ ਇਕਿ ਹੁਕਮੀ ਸਦਾ ਭਵਾਈਅਹਿ ॥ ਹੁਕਮੈ ਅੰਦਰਿ ਸਭੁ ਕੋ ਬਾਹਰਿ ਹੁਕਮ ਨ ਕੋਇ ॥ ਨਾਨਕ ਹੁਕਮੈ ਜੇ ਬੁਝੈ ਤ ਹਉਮੈ ਕਹੈ ਨ ਕੋਇ ॥੨॥ ਗਾਵੈ ਕੋ ਤਾਣੁ ਹੋਵੈ ਕਿਸੈ ਤਾਣੁ ॥ ਗਾਵੈ ਕੋ ਦਾਤਿ ਜਾਣੈ ਨੀਸਾਣੁ ॥ ਗਾਵੈ ਕੋ ਗੁਣ ਵਡਿਆਈਆ ਚਾਰ ॥ ਗਾਵੈ ਕੋ ਵਿਦਿਆ ਵਿਖਮੁ ਵੀਚਾਰੁ ॥ ਗਾਵੈ ਕੋ ਸਾਜਿ ਕਰੇ ਤਨੁ ਖੇਹ ॥ ਗਾਵੈ ਕੋ ਜੀਅ ਲੈ ਫਿਰਿ ਦੇਹ ॥ ਗਾਵੈ ਕੋ ਜਾਪੈ ਦਿਸੈ ਦੂਰਿ ॥ ਗਾਵੈ ਕੋ ਵੇਖੈ ਹਾਦਰਾ ਹਦੂਰਿ ॥ ਕਥਨਾ ਕਥੀ ਨ ਆਵੈ ਤੋਟਿ ॥ ਕਥਿ ਕਥਿ ਕਥੀ ਕੋਟੀ ਕੋਟਿ ਕੋਟਿ ॥ ਦੇਦਾ ਦੇ ਲੈਦੇ ਥਕਿ ਪਾਹਿ ॥ ਜੁਗਾ ਜੁਗੰਤਰਿ ਖਾਹੀ ਖਾਹਿ ॥ ਹੁਕਮੀ ਹੁਕਮੁ ਚਲਾਏ ਰਾਹੁ ॥ ਨਾਨਕ ਵਿਗਸੈ ਵੇਪਰਵਾਹੁ ॥੩॥ ਸਾਚਾ ਸਾਹਿਬੁ ਸਾਚੁ ਨਾਇ ਭਾਖਿਆ ਭਾਉ ਅਪਾਰੁ ॥ ਆਖਹਿ ਮੰਗਹਿ ਦੇਹਿ ਦੇਹਿ ਦਾਤਿ ਕਰੇ ਦਾਤਾਰੁ ॥ ਫੇਰਿ ਕਿ ਅਗੈ ਰਖੀਐ ਜਿਤੁ ਦਿਸੈ ਦਰਬਾਰੁ ॥ ਮੁਹੌ ਕਿ ਬੋਲਣੁ ਬੋਲੀਐ ਜਿਤੁ ਸੁਣਿ ਧਰੇ ਪਿਆਰੁ ॥ ਅੰਮ੍ਰਿਤ ਵੇਲਾ ਸਚੁ ਨਾਉ ਵਡਿਆਈ ਵੀਚਾਰੁ ॥ ਕਰਮੀ ਆਵੈ ਕਪੜਾ ਨਦਰੀ ਮੋਖੁ ਦੁਆਰੁ ॥ ਨਾਨਕ ਏਵੈ ਜਾਣੀਐ ਸਭੁ ਆਪੇ ਸਚਿਆਰੁ ॥੪॥ ਥਾਪਿਆ ਨ ਜਾਇ ਕੀਤਾ ਨ ਹੋਇ ॥ ਆਪੇ ਆਪਿ ਨਿਰੰਜਨੁ ਸੋਇ ॥ ਜਿਨਿ ਸੇਵਿਆ ਤਿਨਿ

ਪਾਇਆ ਮਾਨੁ ॥ ਨਾਨਕ ਗਾਵੀਐ ਗੁਣੀ ਨਿਧਾਨੁ ॥ ਗਾਵੀਐ ਸੁਣੀਐ ਮਨਿ ਰਖੀਐ ਭਾਉ ॥ ਦੁਖੁ ਪਰਹਰਿ ਸੁਖੁ ਘਰਿ ਲੈ ਜਾਇ ॥ ਗੁਰਮੁਖਿ ਨਾਦੰ ਗੁਰਮੁਖਿ ਵੇਦੰ ਗੁਰਮੁਖਿ ਰਹਿਆ ਸਮਾਈ ॥ ਗੁਰੁ ਈਸਰੁ ਗੁਰੁ ਗੋਰਖੁ ਬਰਮਾ ਗੁਰੁ ਪਾਰਬਤੀ ਮਾਈ ॥ ਜੇ ਹਉ ਜਾਣਾ ਆਖਾ ਨਾਹੀ ਕਹਣਾ ਕਥਨੁ ਨ ਜਾਈ ॥ ਗੁਰਾ ਇਕ ਦੇਹਿ ਬੁਝਾਈ ॥ ਸਭਨਾ ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ ਨ ਜਾਈ ॥੫॥ ਤੀਰਥਿ ਨਾਵਾ ਜੇ ਤਿਸੁ ਭਾਵਾ ਵਿਣੁ ਭਾਣੇ ਕਿ ਨਾਇ ਕਰੀ ॥ ਜੇਤੀ ਸਿਰਠਿ ਉਪਾਈ ਵੇਖਾ ਵਿਣੁ ਕਰਮਾ ਕਿ ਮਿਲੈ ਲਈ ॥ ਮਤਿ ਵਿਚਿ ਰਤਨ ਜਵਾਹਰ ਮਾਣਿਕ ਜੇ ਇਕ ਗੁਰ ਕੀ ਸਿਖ ਸੁਣੀ ॥ ਗੁਰਾ ਇਕ ਦੇਹਿ ਬੁਝਾਈ ॥ ਸਭਨਾ ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ ਨ ਜਾਈ ॥੬॥ ਜੇ ਜੁਗ ਚਾਰੇ ਆਰਜਾ ਹੋਰ ਦਸੂਣੀ ਹੋਇ ॥ ਨਵਾ ਖੰਡਾ ਵਿਚਿ ਜਾਣੀਐ ਨਾਲਿ ਚਲੈ ਸਭੁ ਕੋਇ ॥ ਚੰਗਾ ਨਾਉ ਰਖਾਇ ਕੈ ਜਸੁ ਕੀਰਤਿ ਜਗਿ ਲੇਇ ॥ ਜੇ ਤਿਸੁ ਨਦਰਿ ਨ ਆਵਈ ਤ ਵਾਤ ਨ ਪੁਛੈ ਕੇ ॥ ਕੀਟਾ ਅੰਦਰਿ ਕੀਟੁ ਕਰਿ ਦੋਸੀ ਦੋਸੁ ਧਰੇ ॥ ਨਾਨਕ ਨਿਰਗੁਣਿ ਗੁਣੁ ਕਰੇ ਗੁਣਵੰਤਿਆ ਗੁਣੁ ਦੇ ॥ ਤੇਹਾ ਕੋਇ ਨ ਸੁਝਈ ਜਿ ਤਿਸੁ ਗੁਣੁ ਕੋਇ ਕਰੇ ॥੭॥ ਸੁਣਿਐ ਸਿਧ ਪੀਰ ਸੁਰਿ ਨਾਥ ॥ ਸੁਣਿਐ ਧਰਤਿ ਧਵਲ ਆਕਾਸ ॥ ਸੁਣਿਐ ਦੀਪ ਲੋਅ ਪਾਤਾਲ ॥ ਸੁਣਿਐ ਪੋਹਿ ਨ ਸਕੈ ਕਾਲੁ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੮॥ ਸੁਣਿਐ ਈਸਰੁ ਬਰਮਾ ਇੰਦੁ ॥ ਸੁਣਿਐ ਮੁਖਿ ਸਾਲਾਹਣ ਮੰਦੁ ॥ ਸੁਣਿਐ ਜੋਗ ਜੁਗਤਿ ਤਨਿ ਭੇਦ ॥ ਸੁਣਿਐ ਸਾਸਤ ਸਿਮ੍ਰਿਤਿ ਵੇਦ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੯॥ ਸੁਣਿਐ ਸਤੁ ਸੰਤੋਖੁ ਗਿਆਨੁ ॥ ਸੁਣਿਐ ਅਠਸਠਿ ਕਾ ਇਸਨਾਨੁ ॥ ਸੁਣਿਐ ਪੜਿ ਪੜਿ ਪਾਵਹਿ ਮਾਨੁ ॥ ਸੁਣਿਐ ਲਾਗੈ ਸਹਜਿ ਧਿਆਨੁ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੧੦॥ ਸੁਣਿਐ ਸਰਾ ਗੁਣਾ ਕੇ ਗਾਹ ॥ ਸੁਣਿਐ ਸੇਖ ਪੀਰ ਪਾਤਿਸਾਹ ॥ ਸੁਣਿਐ ਅੰਧੇ ਪਾਵਹਿ ਰਾਹੁ ॥ ਸੁਣਿਐ ਹਾਥ ਹੋਵੈ ਅਸਗਾਹੁ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੧੧॥ ਮੰਨੇ ਕੀ ਗਤਿ ਕਹੀ ਨ ਜਾਇ ॥ ਜੇ ਕੋ ਕਹੈ ਪਿਛੈ ਪਛੁਤਾਇ ॥ ਕਾਗਦਿ ਕਲਮ ਨ ਲਿਖਣਹਾਰੁ ॥ ਮੰਨੇ ਕਾ ਬਹਿ ਕਰਨਿ ਵੀਚਾਰੁ ॥ ਐਸਾ ਨਾਮੁ ਨਿਰੰਜਨੁ ਹੋਇ

॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੨॥ ਮੰਨੈ ਸੁਰਤਿ ਹੋਵੈ ਮਨਿ ਬੁਧਿ ॥ ਮੰਨੈ ਸਗਲ ਭਵਣ ਕੀ ਸੁਧਿ ॥ ਮੰਨੈ ਮੁਹਿ ਚੋਟਾ ਨਾ ਖਾਇ ॥ ਮੰਨੈ ਜਮ ਕੈ ਸਾਥਿ ਨ ਜਾਇ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੩॥ ਮੰਨੈ ਮਾਰਗਿ ਠਾਕ ਨ ਪਾਇ ॥ ਮੰਨੈ ਪਤਿ ਸਿਉ ਪਰਗਟੁ ਜਾਇ ॥ ਮੰਨੈ ਮਗੁ ਨ ਚਲੈ ਪੰਥੁ ॥ ਮੰਨੈ ਧਰਮ ਸੇਤੀ ਸਨਬੰਧੁ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੪॥ ਮੰਨੈ ਪਾਵਹਿ ਮੋਖੁ ਦੁਆਰੁ ॥ ਮੰਨੈ ਪਰਵਾਰੈ ਸਾਧਾਰੁ ॥ ਮੰਨੈ ਤਰੈ ਤਾਰੇ ਗੁਰੁ ਸਿਖ ॥ ਮੰਨੈ ਨਾਨਕ ਭਵਹਿ ਨ ਭਿਖ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੫॥ ਪੰਚ ਪਰਵਾਣ ਪੰਚ ਪਰਧਾਨੁ ॥ ਪੰਚੇ ਪਾਵਹਿ ਦਰਗਹਿ ਮਾਨੁ ॥ ਪੰਚੇ ਸੋਹਹਿ ਦਰਿ ਰਾਜਾਨੁ ॥ ਪੰਚਾ ਕਾ ਗੁਰੁ ਏਕੁ ਧਿਆਨੁ ॥ ਜੇ ਕੋ ਕਹੈ ਕਰੈ ਵੀਚਾਰੁ ॥ ਕਰਤੇ ਕੈ ਕਰਣੈ ਨਾਹੀ ਸੁਮਾਰੁ ॥ ਧੌਲੁ ਧਰਮੁ ਦਇਆ ਕਾ ਪੂਤੁ ॥ ਸੰਤੋਖੁ ਥਾਪਿ ਰਖਿਆ ਜਿਨਿ ਸੂਤਿ ॥ ਜੇ ਕੋ ਬੁਝੈ ਹੋਵੈ ਸਚਿਆਰੁ ॥ ਧਵਲੈ ਉਪਰਿ ਕੇਤਾ ਭਾਰੁ ॥ ਧਰਤੀ ਹੋਰੁ ਪਰੈ ਹੋਰੁ ਹੋਰੁ ॥ ਤਿਸ ਤੇ ਭਾਰੁ ਤਲੈ ਕਵਣੁ ਜੋਰੁ ॥ ਜੀਅ ਜਾਤਿ ਰੰਗਾ ਕੇ ਨਾਵ ॥ ਸਭਨਾ ਲਿਖਿਆ ਵੁੜੀ ਕਲਾਮ ॥ ਏਹੁ ਲੇਖਾ ਲਿਖਿ ਜਾਣੈ ਕੋਇ ॥ ਲੇਖਾ ਲਿਖਿਆ ਕੇਤਾ ਹੋਇ ॥ ਕੇਤਾ ਤਾਣੁ ਸੁਆਲਿਹੁ ਰੂਪੁ ॥ ਕੇਤੀ ਦਾਤਿ ਜਾਣੈ ਕੌਣੁ ਕੂਤੁ ॥ ਕੀਤਾ ਪਸਾਉ ਏਕੋ ਕਵਾਉ ॥ ਤਿਸ ਤੇ ਹੋਏ ਲਖ ਦਰੀਆਉ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੬॥ ਅਸੰਖ ਜਪ ਅਸੰਖ ਭਾਉ ॥ ਅਸੰਖ ਪੂਜਾ ਅਸੰਖ ਤਪ ਤਾਉ ॥ ਅਸੰਖ ਗਰੰਥ ਮੁਖਿ ਵੇਦ ਪਾਠ ॥ ਅਸੰਖ ਜੋਗ ਮਨਿ ਰਹਹਿ ਉਦਾਸ ॥ ਅਸੰਖ ਭਗਤ ਗੁਣ ਗਿਆਨ ਵੀਚਾਰ ॥ ਅਸੰਖ ਸਤੀ ਅਸੰਖ ਦਾਤਾਰ ॥ ਅਸੰਖ ਸੂਰ ਮੁਹ ਭਖ ਸਾਰ ॥ ਅਸੰਖ ਮੋਨਿ ਲਿਵ ਲਾਇ ਤਾਰ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੭॥ ਅਸੰਖ ਮੂਰਖ ਅੰਧ ਘੋਰ ॥ ਅਸੰਖ ਚੋਰ ਹਰਾਮਖੋਰ ॥ ਅਸੰਖ ਅਮਰ ਕਰਿ ਜਾਹਿ ਜੋਰ ॥ ਅਸੰਖ ਗਲਵਢ ਹਤਿਆ ਕਮਾਹਿ ॥ ਅਸੰਖ ਪਾਪੀ ਪਾਪੁ ਕਰਿ ਜਾਹਿ ॥ ਅਸੰਖ ਕੂੜਿਆਰ ਕੂੜੇ ਫਿਰਾਹਿ ॥ ਅਸੰਖ ਮਲੇਛ ਮਲੁ ਭਖਿ

ਖਾਹਿ ॥ ਅਸੰਖ ਨਿੰਦਕ ਸਿਰਿ ਕਰਹਿ
ਭਾਰੁ ॥ ਨਾਨਕੁ ਨੀਚੁ ਕਹੈ ਵੀਚਾਰੁ ॥
ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ
ਭਾਵੈ ਸਾਈ ਭਲੀ ਕਾਰ ॥ ਤੂ ਸਦਾ
ਸਲਾਮਤਿ ਨਿਰੰਕਾਰ ॥੧੮॥ ਅਸੰਖ
ਨਾਵ ਅਸੰਖ ਥਾਵ ॥ ਅਗੰਮ ਅਗੰਮ
ਅਸੰਖ ਲੋਅ ॥ ਅਸੰਖ ਕਹਹਿ ਸਿਰਿ
ਭਾਰੁ ਹੋਇ ॥ ਅਖਰੀ ਨਾਮੁ ਅਖਰੀ
ਸਾਲਾਹ ॥ ਅਖਰੀ ਗਿਆਨੁ ਗੀਤ ਗੁਣ
ਗਾਹ ॥ ਅਖਰੀ ਲਿਖਣੁ ਬੋਲਣੁ ਬਾਣਿ ॥
ਅਖਰਾ ਸਿਰਿ ਸੰਜੋਗੁ ਵਖਾਣਿ ॥ ਜਿਨਿ
ਏਹਿ ਲਿਖੇ ਤਿਸੁ ਸਿਰਿ ਨਾਹਿ ॥ ਜਿਵ
ਫੁਰਮਾਏ ਤਿਵ ਤਿਵ ਪਾਹਿ ॥ ਜੇਤਾ
ਕੀਤਾ ਤੇਤਾ ਨਾਉ ॥ ਵਿਣੁ ਨਾਵੈ ਨਾਹੀ
ਕੋ ਥਾਉ ॥ ਕੁਦਰਤਿ ਕਵਣ ਕਹਾ
ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ
॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ
ਸਦਾ ਸਲਾਮਤਿ ਨਿਰੰਕਾਰ ॥੧੯॥
ਭਰੀਐ ਹਥੁ ਪੈਰੁ ਤਨੁ ਦੇਹ ॥ ਪਾਣੀ
ਧੋਤੈ ਉਤਰਸੁ ਖੇਹ ॥ ਮੂਤ ਪਲੀਤੀ
ਕਪੜੁ ਹੋਇ ॥ ਦੇ ਸਾਬੂਣੁ ਲਈਐ ਓਹੁ
ਧੋਇ ॥ ਭਰੀਐ ਮਤਿ ਪਾਪਾ ਕੈ ਸੰਗਿ ॥
ਓਹੁ ਧੋਪੈ ਨਾਵੈ ਕੈ ਰੰਗਿ ॥ ਪੁੰਨੀ ਪਾਪੀ
ਆਖਣੁ ਨਾਹਿ ॥ ਕਰਿ ਕਰਿ ਕਰਣਾ
ਲਿਖਿ ਲੈ ਜਾਹੁ ॥ ਆਪੇ ਬੀਜਿ ਆਪੇ ਹੀ
ਖਾਹੁ ॥ ਨਾਨਕ ਹੁਕਮੀ ਆਵਹੁ ਜਾਹੁ
॥੨੦॥ ਤੀਰਥੁ ਤਪੁ ਦਇਆ ਦਤੁ ਦਾਨੁ
॥ ਜੇ ਕੋ ਪਾਵੈ ਤਿਲ ਕਾ ਮਾਨੁ ॥
ਸੁਣਿਆ ਮੰਨਿਆ ਮਨਿ ਕੀਤਾ ਭਾਉ ॥
ਅੰਤਰਗਤਿ ਤੀਰਥਿ ਮਲਿ ਨਾਉ ॥ ਸਭਿ
ਗੁਣ ਤੇਰੇ ਮੈ ਨਾਹੀ ਕੋਇ ॥ ਵਿਣੁ ਗੁਣ
ਕੀਤੇ ਭਗਤਿ ਨ ਹੋਇ ॥ ਸੁਅਸਤਿ
ਆਥਿ ਬਾਣੀ ਬਰਮਾਉ ॥ ਸਤਿ ਸੁਹਾਣੁ
ਸਦਾ ਮਨਿ ਚਾਉ ॥ ਕਵਣੁ ਸੁ ਵੇਲਾ
ਵਖਤੁ ਕਵਣੁ ਕਵਣ ਥਿਤਿ ਕਵਣੁ ਵਾਰੁ
॥ ਕਵਣਿ ਸਿ ਰੁਤੀ ਮਾਹੁ ਕਵਣੁ ਜਿਤੁ
ਹੋਆ ਆਕਾਰੁ ॥ ਵੇਲ ਨ ਪਾਈਆ
ਪੰਡਤੀ ਜਿ ਹੋਵੈ ਲੇਖੁ ਪੁਰਾਣੁ ॥ ਵਖਤੁ
ਨ ਪਾਇਓ ਕਾਦੀਆ ਜਿ ਲਿਖਨਿ ਲੇਖੁ
ਕੁਰਾਣੁ ॥ ਥਿਤਿ ਵਾਰੁ ਨਾ ਜੋਗੀ ਜਾਣੈ
ਰੁਤਿ ਮਾਹੁ ਨਾ ਕੋਈ ॥ ਜਾ ਕਰਤਾ
ਸਿਰਠੀ ਕਉ ਸਾਜੇ ਆਪੇ ਜਾਣੈ ਸੋਈ ॥
ਕਿਵ ਕਰਿ ਆਖਾ ਕਿਵ ਸਾਲਾਹੀ ਕਿਉ
ਵਰਨੀ ਕਿਵ ਜਾਣਾ ॥ ਨਾਨਕ ਆਖਣਿ
ਸਭੁ ਕੋ ਆਖੈ ਇਕ ਦੂ ਇਕੁ ਸਿਆਣਾ
॥ ਵਡਾ ਸਾਹਿਬੁ ਵਡੀ ਨਾਈ ਕੀਤਾ ਜਾ
ਕਾ ਹੋਵੈ ॥ ਨਾਨਕ ਜੇ ਕੋ ਆਪੌ ਜਾਣੈ
ਅਗੈ ਗਇਆ ਨ ਸੋਹੈ ॥੨੧॥ ਪਾਤਾਲਾ
ਪਾਤਾਲ ਲਖ ਆਗਾਸਾ ਆਗਾਸ ॥
ਓੜਕ ਓੜਕ ਭਾਲਿ ਥਕੇ ਵੇਦ ਕਹਨਿ
ਇਕ ਵਾਤ ॥ ਸਹਸ ਅਠਾਰਹ ਕਹਨਿ
ਕਤੇਬਾ ਅਸੁਲੂ ਇਕੁ ਧਾਤੁ ॥ ਲੇਖਾ ਹੋਇ
ਤ ਲਿਖੀਐ ਲੇਖੈ ਹੋਇ ਵਿਣਾਸੁ ॥

ਨਾਨਕ ਵਡਾ ਆਖੀਐ ਆਪੇ ਜਾਣੈ ਆਪੁ ॥੨੨॥ ਸਾਲਾਹੀ ਸਾਲਾਹਿ ਏਤੀ ਸੁਰਤਿ ਨ ਪਾਈਆ ॥ ਨਦੀਆ ਅਤੈ ਵਾਹ ਪਵਹਿ ਸਮੁੰਦਿ ਨ ਜਾਣੀਅਹਿ ॥ ਸਮੁੰਦ ਸਾਹ ਸੁਲਤਾਨ ਗਿਰਹਾ ਸੇਤੀ ਮਾਲੁ ਧਨੁ ॥ ਕੀੜੀ ਤੁਲਿ ਨ ਹੋਵਨੀ ਜੇ ਤਿਸੁ ਮਨਹੁ ਨ ਵੀਸਰਹਿ ॥੨੩॥ ਅੰਤੁ ਨ ਸਿਫਤੀ ਕਹਣਿ ਨ ਅੰਤੁ ॥ ਅੰਤੁ ਨ ਕਰਣੈ ਦੇਣਿ ਨ ਅੰਤੁ ॥ ਅੰਤੁ ਨ ਵੇਖਣਿ ਸੁਣਣਿ ਨ ਅੰਤੁ ॥ ਅੰਤੁ ਨ ਜਾਪੈ ਕਿਆ ਮਨਿ ਮੰਤੁ ॥ ਅੰਤੁ ਨ ਜਾਪੈ ਕੀਤਾ ਆਕਾਰੁ ॥ ਅੰਤੁ ਨ ਜਾਪੈ ਪਾਰਾਵਾਰੁ ॥ ਅੰਤ ਕਾਰਣਿ ਕੇਤੇ ਬਿਲਲਾਹਿ ॥ ਤਾ ਕੇ ਅੰਤ ਨ ਪਾਏ ਜਾਹਿ ॥ ਏਹੁ ਅੰਤੁ ਨ ਜਾਣੈ ਕੋਇ ॥ ਬਹੁਤਾ ਕਹੀਐ ਬਹੁਤਾ ਹੋਇ ॥ ਵਡਾ ਸਾਹਿਬੁ ਊਚਾ ਥਾਉ ॥ ਊਚੇ ਉਪਰਿ ਊਚਾ ਨਾਉ ॥ ਏਵਡੁ ਊਚਾ ਹੋਵੈ ਕੋਇ ॥ ਤਿਸੁ ਊਚੇ ਕਉ ਜਾਣੈ ਸੋਇ ॥ ਜੇਵਡੁ ਆਪਿ ਜਾਣੈ ਆਪਿ ਆਪਿ ॥ ਨਾਨਕ ਨਦਰੀ ਕਰਮੀ ਦਾਤਿ ॥੨੪॥ ਬਹੁਤਾ ਕਰਮੁ ਲਿਖਿਆ ਨਾ ਜਾਇ ॥ ਵਡਾ ਦਾਤਾ ਤਿਲੁ ਨ ਤਮਾਇ ॥ ਕੇਤੇ ਮੰਗਹਿ ਜੋਧ ਅਪਾਰ ॥ ਕੇਤਿਆ ਗਣਤ ਨਹੀ ਵੀਚਾਰੁ ॥ ਕੇਤੇ ਖਪਿ ਤੁਟਹਿ ਵੇਕਾਰ ॥ ਕੇਤੇ ਲੈ ਲੈ ਮੁਕਰੁ ਪਾਹਿ ॥ ਕੇਤੇ ਮੂਰਖ ਖਾਹੀ ਖਾਹਿ ॥ ਕੇਤਿਆ ਦੂਖ ਭੂਖ ਸਦ ਮਾਰ ॥ ਏਹਿ ਭਿ ਦਾਤਿ ਤੇਰੀ ਦਾਤਾਰ ॥ ਬੰਦਿ ਖਲਾਸੀ ਭਾਣੈ ਹੋਇ ॥ ਹੋਰੁ ਆਖਿ ਨ ਸਕੈ ਕੋਇ ॥ ਜੇ ਕੋ ਖਾਇਕੁ ਆਖਣਿ ਪਾਇ ॥ ਓਹੁ ਜਾਣੈ ਜੇਤੀਆ ਮੁਹਿ ਖਾਇ ॥ ਆਪੇ ਜਾਣੈ ਆਪੇ ਦੇਇ ॥ ਆਖਹਿ ਸਿ ਭਿ ਕੇਈ ਕੇਇ ॥ ਜਿਸ ਨੋ ਬਖਸੇ ਸਿਫਤਿ ਸਾਲਾਹ ॥ ਨਾਨਕ ਪਾਤਿਸਾਹੀ ਪਾਤਿਸਾਹੁ ॥੨੫॥ ਅਮੁਲ ਗੁਣ ਅਮੁਲ ਵਾਪਾਰ ॥ ਅਮੁਲ ਵਾਪਾਰੀਏ ਅਮੁਲ ਭੰਡਾਰ ॥ ਅਮੁਲ ਆਵਹਿ ਅਮੁਲ ਲੈ ਜਾਹਿ ॥ ਅਮੁਲ ਭਾਇ ਅਮੁਲਾ ਸਮਾਹਿ ॥ ਅਮੁਲੁ ਧਰਮੁ ਅਮੁਲੁ ਦੀਬਾਣੁ ॥ ਅਮੁਲੁ ਤੁਲੁ ਅਮੁਲੁ ਪਰਵਾਣੁ ॥ ਅਮੁਲੁ ਬਖਸੀਸ ਅਮੁਲੁ ਨੀਸਾਣੁ ॥ ਅਮੁਲੁ ਕਰਮੁ ਅਮੁਲੁ ਫੁਰਮਾਣੁ ॥ ਅਮੁਲੋ ਅਮੁਲੁ ਆਖਿਆ ਨ ਜਾਇ ॥ ਆਖਿ ਆਖਿ ਰਹੇ ਲਿਵ ਲਾਇ ॥ ਆਖਹਿ ਵੇਦ ਪਾਠ ਪੁਰਾਣ ॥ ਆਖਹਿ ਪੜੇ ਕਰਹਿ ਵਖਿਆਣ ॥ ਆਖਹਿ ਬਰਮੇ ਆਖਹਿ ਇੰਦ ॥ ਆਖਹਿ ਗੋਪੀ ਤੈ ਗੋਵਿੰਦ ॥ ਆਖਹਿ ਈਸਰ ਆਖਹਿ ਸਿਧ ॥ ਆਖਹਿ ਕੇਤੇ ਕੀਤੇ ਬੁਧ ॥ ਆਖਹਿ ਦਾਨਵ ਆਖਹਿ ਦੇਵ ॥ ਆਖਹਿ ਸੁਰਿ ਨਰ ਮੁਨਿ ਜਨ ਸੇਵ ॥ ਕੇਤੇ ਆਖਹਿ ਆਖਣਿ ਪਾਹਿ ॥ ਕੇਤੇ ਕਹਿ ਕਹਿ ਉਠਿ ਉਠਿ ਜਾਹਿ ॥

ਏਤੇ ਕੀਤੇ ਹੋਰਿ ਕਰੇਹਿ ॥ ਤਾ ਆਖਿ ਨ ਸਕਹਿ ਕੇਈ ਕੇਇ ॥ ਜੇਵਡੁ ਭਾਵੈ ਤੇਵਡੁ ਹੋਇ ॥ ਨਾਨਕ ਜਾਣੈ ਸਾਚਾ ਸੋਇ ॥ ਜੇ ਕੋ ਆਖੈ ਬੋਲੁਵਿਗਾੜੁ ॥ ਤਾ ਲਿਖੀਐ ਸਿਰਿ ਗਾਵਾਰਾ ਗਾਵਾਰੁ ॥੨੬॥ ਸੋ ਦਰੁ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਨਾਦ ਅਨੇਕ ਅਸੰਖਾ ਕੇਤੇ ਵਾਵਣਹਾਰੇ ॥ ਕੇਤੇ ਰਾਗ ਪਰੀ ਸਿਉ ਕਹੀਅਨਿ ਕੇਤੇ ਗਾਵਣਹਾਰੇ ॥ ਗਾਵਹਿ ਤੁਹਨੋ ਪਉਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਹਿ ਚਿਤੁ ਗੁਪਤੁ ਲਿਖਿ ਜਾਣਹਿ ਲਿਖਿ ਲਿਖਿ ਧਰਮੁ ਵੀਚਾਰੇ ॥ ਗਾਵਹਿ ਈਸਰੁ ਬਰਮਾ ਦੇਵੀ ਸੋਹਨਿ ਸਦਾ ਸਵਾਰੇ ॥ ਗਾਵਹਿ ਇੰਦ ਇਦਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਹਿ ਸਿਧ ਸਮਾਧੀ ਅੰਦਰਿ ਗਾਵਨਿ ਸਾਧ ਵਿਚਾਰੇ ॥ ਗਾਵਨਿ ਜਤੀ ਸਤੀ ਸੰਤੋਖੀ ਗਾਵਹਿ ਵੀਰ ਕਰਾਰੇ ॥ ਗਾਵਨਿ ਪੰਡਿਤ ਪੜਨਿ ਰਖੀਸਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਹਿ ਮੋਹਣੀਆ ਮਨੁ ਮੋਹਨਿ ਸੁਰਗਾ ਮਛ ਪਇਆਲੇ ॥ ਗਾਵਨਿ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਹਿ ਜੋਧ ਮਹਾਬਲ ਸੂਰਾ ਗਾਵਹਿ ਖਾਣੀ ਚਾਰੇ ॥ਗਾਵਹਿ ਖੰਡ ਮੰਡਲ ਵਰਭੰਡਾ ਕਰਿ ਕਰਿ ਰਖੇ ਧਾਰੇ ॥ ਸੇਈ ਤੁਧੁਨੋ ਗਾਵਹਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਵੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਵੇਖੈ ਕੀਤਾ ਆਪਣਾ ਜਿਵ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਾਤਿਸਾਹਿਬੁ ਨਾਨਕ ਰਹਣੁ ਰਜਾਈ ॥੨੭॥ ਮੁੰਦਾ ਸੰਤੋਖੁ ਸਰਮੁ ਪਤੁ ਝੋਲੀ ਧਿਆਨ ਕੀ ਕਰਹਿ ਬਿਭੂਤਿ ॥ ਖਿੰਥਾ ਕਾਲੁ ਕੁਆਰੀ ਕਾਇਆ ਜੁਗਤਿ ਡੰਡਾ ਪਰਤੀਤਿ ॥ ਆਈ ਪੰਥੀ ਸਗਲ ਜਮਾਤੀ ਮਨਿ ਜੀਤੈ ਜਗੁ ਜੀਤੁ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੨੮॥ ਭੁਗਤਿ ਗਿਆਨੁ ਦਇਆ ਭੰਡਾਰਣਿ ਘਟਿ ਘਟਿ ਵਾਜਹਿ ਨਾਦ ॥ ਆਪਿ ਨਾਥੁ ਨਾਥੀ ਸਭ ਜਾ ਕੀ ਰਿਧਿ ਸਿਧਿ ਅਵਰਾ ਸਾਦ ॥ ਸੰਜੋਗੁ ਵਿਜੋਗੁ ਦੁਇ ਕਾਰ ਚਲਾਵਹਿ ਲੇਖੇ ਆਵਹਿ ਭਾਗ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ

ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੨੯॥ ਏਕਾ ਮਾਈ ਜੁਗਤਿ ਵਿਆਈ ਤਿਨਿ ਚੇਲੇ ਪਰਵਾਣੁ ॥ ਇਕੁ ਸੰਸਾਰੀ ਇਕੁ ਭੰਡਾਰੀ ਇਕੁ ਲਾਏ ਦੀਬਾਣੁ ॥ ਜਿਵ ਤਿਸੁ ਭਾਵੈ ਤਿਵੈ ਚਲਾਵੈ ਜਿਵ ਹੋਵੈ ਫੁਰਮਾਣੁ ॥ ਓਹੁ ਵੇਖੈ ਓਨਾ ਨਦਰਿ ਨ ਆਵੈ ਬਹੁਤਾ ਏਹੁ ਵਿਡਾਣੁ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੩੦॥ ਆਸਣੁ ਲੋਇ ਲੋਇ ਭੰਡਾਰ ॥ ਜੋ ਕਿਛੁ ਪਾਇਆ ਸੁ ਏਕਾ ਵਾਰ ॥ ਕਰਿ ਕਰਿ ਵੇਖੈ ਸਿਰਜਣਹਾਰੁ ॥ ਨਾਨਕ ਸਚੇ ਕੀ ਸਾਚੀ ਕਾਰ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੩੧॥ ਇਕ ਦੂ ਜੀਭੌ ਲਖ ਹੋਹਿ ਲਖ ਹੋਵਹਿ ਲਖ ਵੀਸ ॥ ਲਖੁ ਲਖੁ ਗੇੜਾ ਆਖੀਅਹਿ ਏਕੁ ਨਾਮੁ ਜਗਦੀਸ ॥ ਏਤੁ ਰਾਹਿ ਪਤਿ ਪਵੜੀਆ ਚੜੀਐ ਹੋਇ ਇਕੀਸ ॥ ਸੁਣਿ ਗਲਾ ਆਕਾਸ ਕੀ ਕੀਟਾ ਆਈ ਰੀਸ ॥ ਨਾਨਕ ਨਦਰੀ ਪਾਈਐ ਕੂੜੀ ਕੂੜੈ ਠੀਸ ॥੩੨॥ ਆਖਣਿ ਜੋਰੁ ਚੁਪੈ ਨਹ ਜੋਰੁ ॥ ਜੋਰੁ ਨ ਮੰਗਣਿ ਦੇਣਿ ਨ ਜੋਰੁ ॥ ਜੋਰੁ ਨ ਜੀਵਣਿ ਮਰਣਿ ਨਹ ਜੋਰੁ ॥ ਜੋਰੁ ਨ ਰਾਜਿ ਮਾਲਿ ਮਨਿ ਸੋਰੁ ॥ ਜੋਰੁ ਨ ਸੁਰਤੀ ਗਿਆਨਿ ਵੀਚਾਰਿ ॥ ਜੋਰੁ ਨ ਜੁਗਤੀ ਛੁਟੈ ਸੰਸਾਰੁ ॥ ਜਿਸੁ ਹਥਿ ਜੋਰੁ ਕਰਿ ਵੇਖੈ ਸੋਇ ॥ ਨਾਨਕ ਉਤਮੁ ਨੀਚੁ ਨ ਕੋਇ ॥੩੩॥ ਰਾਤੀ ਰੁਤੀ ਥਿਤੀ ਵਾਰ ॥ ਪਵਣ ਪਾਣੀ ਅਗਨੀ ਪਾਤਾਲ ॥ ਤਿਸੁ ਵਿਚਿ ਧਰਤੀ ਥਾਪਿ ਰਖੀ ਧਰਮ ਸਾਲ ॥ ਤਿਸੁ ਵਿਚਿ ਜੀਅ ਜੁਗਤਿ ਕੇ ਰੰਗ ॥ ਤਿਨ ਕੇ ਨਾਮ ਅਨੇਕ ਅਨੰਤ ॥ ਕਰਮੀ ਕਰਮੀ ਹੋਇ ਵੀਚਾਰੁ ॥ ਸਚਾ ਆਪਿ ਸਚਾ ਦਰਬਾਰੁ ॥ ਤਿਥੈ ਸੋਹਨਿ ਪੰਚ ਪਰਵਾਣੁ ॥ ਨਦਰੀ ਕਰਮਿ ਪਵੈ ਨੀਸਾਣੁ ॥ ਕਚ ਪਕਾਈ ਓਥੈ ਪਾਇ ॥ ਨਾਨਕ ਗਇਆ ਜਾਪੈ ਜਾਇ ॥੩੪॥ ਧਰਮ ਖੰਡ ਕਾ ਏਹੋ ਧਰਮੁ ॥ ਗਿਆਨ ਖੰਡ ਕਾ ਆਖਹੁ ਕਰਮੁ ॥ ਕੇਤੇ ਪਵਣ ਪਾਣੀ ਵੈਸੰਤਰ ਕੇਤੇ ਕਾਨ ਮਹੇਸ ॥ ਕੇਤੇ ਬਰਮੇ ਘਾੜਤਿ ਘੜੀਅਹਿ ਰੂਪ ਰੰਗ ਕੇ ਵੇਸ ॥ ਕੇਤੀਆ ਕਰਮ ਭੂਮੀ ਮੇਰ ਕੇਤੇ ਕੇਤੇ ਧੂ ਉਪਦੇਸ ॥ ਕੇਤੇ ਇੰਦ ਚੰਦ ਸੂਰ ਕੇਤੇ ਕੇਤੇ ਮੰਡਲ ਦੇਸ ॥ ਕੇਤੇ ਸਿਧ ਬੁਧ ਨਾਥ ਕੇਤੇ ਕੇਤੇ ਦੇਵੀ ਵੇਸ ॥ ਕੇਤੇ ਦੇਵ ਦਾਨਵ ਮੁਨਿ ਕੇਤੇ ਕੇਤੇ ਰਤਨ ਸਮੁੰਦ ॥ ਕੇਤੀਆ ਖਾਣੀ ਕੇਤੀਆ ਬਾਣੀ ਕੇਤੇ ਪਾਤ ਨਰਿੰਦ ॥ ਕੇਤੀਆ ਸੁਰਤੀ ਸੇਵਕ ਕੇਤੇ ਨਾਨਕ ਅੰਤੁ ਨ ਅੰਤੁ ॥੩੫॥ ਗਿਆਨ ਖੰਡ ਮਹਿ ਗਿਆਨੁ ਪਰਚੰਡੁ ॥

ਤਿਥੈ ਨਾਦ ਬਿਨੋਦ ਕੋਡ ਅਨੰਦੁ ॥
ਸਰਮ ਖੰਡ ਕੀ ਬਾਣੀ ਰੂਪੁ ॥ ਤਿਥੈ
ਘਾੜਤਿ ਘੜੀਐ ਬਹੁਤੁ ਅਨੂਪੁ ॥ ਤਾ
ਕੀਆ ਗਲਾ ਕਥੀਆ ਨਾ ਜਾਹਿ ॥ ਜੇ
ਕੋ ਕਹੈ ਪਿਛੈ ਪਛੁਤਾਇ ॥ ਤਿਥੈ
ਘੜੀਐ ਸੁਰਤਿ ਮਤਿ ਮਨਿ ਬੁਧਿ ॥
ਤਿਥੈ ਘੜੀਐ ਸੁਰਾ ਸਿਧਾ ਕੀ ਸੁਧਿ
॥੩੬॥ ਕਰਮ ਖੰਡ ਕੀ ਬਾਣੀ ਜੋਰੁ ॥
ਤਿਥੈ ਹੋਰੁ ਨ ਕੋਈ ਹੋਰੁ ॥ ਤਿਥੈ ਜੋਧ
ਮਹਾਬਲ ਸੂਰ ॥ ਤਿਨ ਮਹਿ ਰਾਮੁ
ਰਹਿਆ ਭਰਪੂਰ ॥ ਤਿਥੈ ਸੀਤੋ ਸੀਤਾ
ਮਹਿਮਾ ਮਾਹਿ ॥ ਤਾ ਕੇ ਰੂਪ ਨ ਕਥਨੇ
ਜਾਹਿ ॥ ਨਾ ਓਹਿ ਮਰਹਿ ਨ ਠਾਗੇ
ਜਾਹਿ ॥ ਜਿਨ ਕੈ ਰਾਮੁ ਵਸੈ ਮਨ ਮਾਹਿ
॥ ਤਿਥੈ ਭਗਤ ਵਸਹਿ ਕੇ ਲੋਅ ॥
ਕਰਹਿ ਅਨੰਦੁ ਸਚਾ ਮਨਿ ਸੋਇ ॥
ਸਚ ਖੰਡਿ ਵਸੈ ਨਿਰੰਕਾਰੁ ॥ ਕਰਿ ਕਰਿ
ਵੇਖੈ ਨਦਰਿ ਨਿਹਾਲ ॥ ਤਿਥੈ ਖੰਡ
ਮੰਡਲ ਵਰਭੰਡ ॥ ਜੇ ਕੋ ਕਥੈ ਤ ਅੰਤ ਨ
ਅੰਤ ॥ ਤਿਥੈ ਲੋਅ ਲੋਅ ਆਕਾਰ ॥
ਜਿਵ ਜਿਵ ਹੁਕਮੁ ਤਿਵੈ ਤਿਵ ਕਾਰ ॥
ਵੇਖੈ ਵਿਗਸੈ ਕਰਿ ਵੀਚਾਰੁ ॥ ਨਾਨਕ
ਕਥਨਾ ਕਰੜਾ ਸਾਰੁ ॥੩੭॥ ਜਤੁ
ਪਾਹਾਰਾ ਧੀਰਜੁ ਸੁਨਿਆਰੁ ॥ ਅਹਰਣਿ
ਮਤਿ ਵੇਦੁ ਹਥੀਆਰੁ ॥ ਭਉ ਖਲਾ
ਅਗਨਿ ਤਪ ਤਾਉ ॥ ਭਾਂਡਾ ਭਾਉ
ਅੰਮ੍ਰਿਤੁ ਤਿਤੁ ਢਾਲਿ ॥ ਘੜੀਐ ਸਬਦੁ
ਸਚੀ ਟਕਸਾਲ ॥ ਜਿਨ ਕਉ ਨਦਰਿ
ਕਰਮੁ ਤਿਨ ਕਾਰ ॥ ਨਾਨਕ ਨਦਰੀ
ਨਦਰਿ ਨਿਹਾਲ ॥੩੮॥

ਸਲੋਕੁ ॥

ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ
ਮਹਤੁ ॥ ਦਿਵਸੁ ਰਾਤਿ ਦੁਇ ਦਾਈ
ਦਾਇਆ ਖੇਲੈ ਸਗਲ ਜਗਤੁ ॥
ਚੰਗਿਆਈਆ ਬੁਰਿਆਈਆ ਵਾਚੈ
ਧਰਮੁ ਹਦੂਰਿ ॥ ਕਰਮੀ ਆਪੋ ਆਪਣੀ
ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ
ਧਿਆਇਆ ਗਏ ਮਸਕਤਿ ਘਾਲਿ ॥
ਨਾਨਕ ਤੇ ਮੁਖ ਉਜਲੇ ਕੇਤੀ ਛੁਟੀ
ਨਾਲਿ ॥੧॥

# ਜਾਪੁ ਸਾਹਿਬ

## ੴ ਸਤਿਗੁਰ ਪ੍ਰਸਾਦਿ ॥
## ਸ੍ਰੀ ਵਾਹਿਗੁਰੂ ਜੀ ਕੀ ਫਤਹ ॥

## ਜਾਪੁ ਸ੍ਰੀ ਮੁਖਵਾਕ ਪਾਤਿਸਾਹੀ ੧੦॥ਛਪੈ ਛੰਦ ॥ ਤ੍ਵ ਪ੍ਰਸਾਦਿ ॥

ਚੱਕ੍ਰ ਚਿਹਨ ਅਰੁ ਬਰਨ ਜਾਤਿ ਅਰੁ ਪਾਤਿ ਨਹਿਨ ਜਿਹ ॥ ਰੂਪ ਰੰਗ ਅਰੁ ਰੇਖ ਭੇਖ ਕੋਊ ਕਹਿ ਨ ਸਕਤ ਕਿਹ ॥ ਅਚਲ ਮੂਰਤਿ ਅਨਭਉ ਪ੍ਰਕਾਸ ਅਮਿਤੋਜਿ ਕਹਿੱਜੈ ॥ ਕੋਟਿ ਇੰਦ੍ਰ ਇੰਦ੍ਰਾਣ ਸਾਹੁ ਸਾਹਾਣਿ ਗਣਿਜੈ ॥ ਤ੍ਰਿਭਵਣ ਮਹੀਪ ਸੁਰ ਨਰ ਅਸੁਰ ਨੇਤ ਨੇਤ ਬਨ ਤ੍ਰਿਣ ਕਹਤ ॥ ਤ੍ਵ ਸਰਬ ਨਾਮ ਕਥੈ ਕਵਨ ਕਰਮ ਨਾਮ ਬਰਨਤ ਸੁਮਤ॥੧॥

ਭੁਜੰਗ ਪ੍ਰਯਾਤ ਛੰਦ ॥
ਨਮਸਤ੍ਵੰ ਅਕਾਲੇ ॥ ਨਮਸਤ੍ਵੰ ਕ੍ਰਿਪਾਲੇ ॥ ਨਮਸਤੰ ਅਰੂਪੇ ॥ ਨਮਸਤੰ ਅਨੂਪੇ ॥੨॥ ਨਮਸਤੰ ਅਭੇਖੇ ॥ ਨਮਸਤੰ ਅਲੇਖੇ ॥ ਨਮਸਤੰ ਅਕਾਏ ॥ ਨਮਸਤੰ ਅਜਾਏ ॥੩॥ ਨਮਸਤੰ ਅਗੰਜੇ ॥ ਨਮਸਤੰ ਅਭੰਜੇ ॥ ਨਮਸਤੰ ਅਨਾਮੇ ॥ ਨਮਸਤੰ ਅਠਾਮੇ ॥੪॥ ਨਮਸਤੰ ਅਕਰਮੰ ॥ ਨਮਸਤੰ ਅਧਰਮੰ ॥ ਨਮਸਤੰ ਅਨਾਮੰ ॥ ਨਮਸਤੰ ਅਧਾਮੰ ॥੫॥ ਨਮਸਤੰ ਅਜੀਤੇ ॥ ਨਮਸਤੰ ਅਭੀਤੇ ॥ ਨਮਸਤੰ ਅਬਾਹੇ ॥ ਨਮਸਤੰ ਅਢਾਹੇ ॥੬॥ ਨਮਸਤੰ ਅਨੀਲੇ ॥ ਨਮਸਤੰ ਅਨਾਦੇ ॥ ਨਮਸਤੰ ਅਛੇਦੇ ॥ ਨਮਸਤੰ ਅਗਾਧੇ ॥੭॥ ਨਮਸਤੰ ਅਗੰਜੇ ॥ ਨਮਸਤੰ ਅਭੰਜੇ ॥ ਨਮਸਤੰ ਉਦਾਰੇ ॥ ਨਮਸਤੰ ਅਪਾਰੇ ॥੮॥ ਨਮਸਤੰ ਸੁ ਏਕੈ ॥ ਨਮਸਤੰ ਅਨੇਕੈ ॥ ਨਮਸਤੰ ਅਭੂਤੇ ॥ ਨਮਸਤੰ ਅਜੂਪੇ ॥੯॥ ਨਮਸਤੰ ਨ੍ਰਿਕਰਮੇ ॥ ਨਮਸਤੰ ਨ੍ਰਿਭਰਮੇ ॥ ਨਮਸਤੰ ਨ੍ਰਿਦੇਸੇ ॥ ਨਮਸਤੰ ਨ੍ਰਿਭੇਸੇ ॥੧੦॥ ਨਮਸਤੰ ਨ੍ਰਿਨਾਮੇ ॥ ਨਮਸਤੰ ਨ੍ਰਿਕਾਮੇ ॥ ਨਮਸਤੰ ਨ੍ਰਿਧਾਤੇ ॥ ਨਮਸਤੰ ਨ੍ਰਿਘਾਤੇ ॥੧੧॥ ਨਮਸਤੰ ਨ੍ਰਿਧੂਤੇ ॥ ਨਮਸਤੰ ਅਭੂਤੇ ॥ ਨਮਸਤੰ ਅਲੋਕੇ ॥ ਨਮਸਤੰ ਅਸੋਕੇ ॥੧੨॥ ਨਮਸਤੰ ਨ੍ਰਿਤਾਪੇ ॥ ਨਮਸਤੰ ਅਥਾਪੇ ॥ ਨਮਸਤੰ ਤ੍ਰਿਮਾਨੇ ॥ ਨਮਸਤੰ ਨਿਧਾਨੇ ॥੧੩॥ ਨਮਸਤੰ ਅਗਾਹੇ ॥ ਨਮਸਤੰ ਅਬਾਹੇ ॥ ਨਮਸਤੰ ਤ੍ਰਿਬਰਗੇ ॥ ਨਮਸਤੰ ਅਸਰਗੇ ॥੧੪॥ ਨਮਸਤੰ ਪ੍ਰਭੋਗੇ ॥ ਨਮਸਤੰ ਸੁਜੋਗੇ ॥ ਨਮਸਤੰ ਅਰੰਗੇ ॥ ਨਮਸਤੰ ਅਭੰਗੇ ॥੧੫॥ ਨਮਸਤੰ ਅਗੰਮੇ ॥

ਨਮਸਤਸਤੁ ਰੰਮੇ ॥ ਨਮਸਤੰ ਜਲਾਸਰੇ ॥ ਨਮਸਤੰ ਨਿਰਾਸਰੇ ॥੧੬॥ ਨਮਸਤੰ ਅਜਾਤੇ ॥ ਨਮਸਤੰ ਅਪਾਤੇ ॥ ਨਮਸਤੰ ਅਮਜਬੇ ॥ ਨਮਸਤਸਤੁ ਅਜਬੇ ॥੧੭॥ ਅਦੇਸੰ ਅਦੇਸੇ ॥ ਨਮਸਤੰ ਅਭੇਸੇ ॥ ਨਮਸਤੰ ਨ੍ਰਿਧਾਮੇ ॥ ਨਮਸਤੰ ਨ੍ਰਿਬਾਮੇ ॥੧੮॥ ਨਮੋ ਸਰਬ ਕਾਲੇ ॥ ਨਮੋ ਸਰਬ ਦਿਆਲੇ ॥ ਨਮੋ ਸਰਬ ਰੂਪੇ ॥ ਨਮੋ ਸਰਬ ਭੂਪੇ ॥੧੯॥ ਨਮੋ ਸਰਬ ਖਾਪੇ ॥ ਨਮੋ ਸਰਬ ਥਾਪੇ ॥ ਨਮੋ ਸਰਬ ਕਾਲੇ ॥ ਨਮੋ ਸਰਬ ਪਾਲੇ ॥੨੦॥ ਨਮਸਤਸਤੁ ਦੇਵੈ ॥ ਨਮਸਤੰ ਅਭੇਵੈ ॥ ਨਮਸਤੰ ਅਜਨਮੇ ॥ ਨਮਸਤੰ ਸੁਬਨਮੇ ॥੨੧॥ ਨਮੋ ਸਰਬ ਗਉਨੇ ॥ ਨਮੋ ਸਰਬ ਭਉਨੇ ॥ ਨਮੋ ਸਰਬ ਰੰਗੇ ॥ ਨਮੋ ਸਰਬ ਭੰਗੇ ॥੨੨॥ ਨਮੋ ਕਾਲ ਕਾਲੇ ॥ ਨਮਸਤਸਤੁ ਦਿਆਲੇ ॥ ਨਮਸਤੰ ਅਬਰਨੇ ॥ ਨਮਸਤੰ ਅਮਰਨੇ ॥੨੩॥ ਨਮਸਤੰ ਜਰਾਰੰ ॥ ਨਮਸਤੰ ਕ੍ਰਿਤਾਰੰ ॥ ਨਮੋ ਸਰਬ ਧੰਧੇ ॥ ਨਮੋ ਸਤ ਅਬੰਧੇ ॥੨੪॥ ਨਮਸਤੰ ਨ੍ਰਿਸਾਕੇ ॥ ਨਮਸਤੰ ਨ੍ਰਿਬਾਕੇ ॥ ਨਮਸਤੰ ਰਹੀਮੇ ॥ ਨਮਸਤੰ ਕਰੀਮੇ ॥੨੫॥ ਨਮਸਤੰ ਅਨੰਤੇ ॥ ਨਮਸਤੰ ਮਹੰਤੇ ॥ ਨਮਸਤਸਤੁ ਰਾਗੇ ॥ ਨਮਸਤੰ ਸੁਹਾਗੇ ॥੨੬॥ ਨਮੋ ਸਰਬ ਸੋਖੰ ॥ ਨਮੋ ਸਰਬ ਪੋਖੰ ॥ ਨਮੋ ਸਰਬ ਕਰਤਾ ॥ ਨਮੋ ਸਰਬ ਹਰਤਾ ॥੨੭॥ ਨਮੋ ਜੋਗ ਜੋਗੇ ॥ ਨਮੋ ਭੋਗ ਭੋਗੇ ॥ ਨਮੋ ਸਰਬ ਦਿਆਲੇ ॥ ਨਮੋ ਸਰਬ ਪਾਲੇ ॥੨੮॥

ਚਾਚਰੀ ਛੰਦ ॥ ਤ੍ਵ ਪ੍ਰਸਾਦਿ ॥

ਅਰੂਪ ਹੈਂ ॥ ਅਨੂਪ ਹੈਂ ॥ ਅਜੂ ਹੈਂ ॥ ਅਭੂ ਹੈਂ ॥੨੯॥ ਅਲੇਖ ਹੈਂ ॥ ਅਭੇਖ ਹੈਂ ॥ ਅਨਾਮ ਹੈਂ ॥ ਅਕਾਮ ਹੈਂ ॥੩੦॥ ਅਧੇ ਹੈਂ ॥ ਅਭੇ ਹੈਂ ॥ ਅਜੀਤ ਹੈਂ ॥ ਅਭੀਤ ਹੈਂ ॥੩੧॥ ਤ੍ਰਿਮਾਨ ਹੈਂ ॥ ਨਿਧਾਨ ਹੈਂ ॥ ਤ੍ਰਿਬਰਗ ਹੈਂ ॥ ਅਸਰਗ ਹੈਂ ॥੩੨॥ ਅਨੀਲ ਹੈਂ ॥ ਅਨਾਦਿ ਹੈਂ ॥ ਅਜੇ ਹੈਂ ॥ ਅਜਾਦਿ ਹੈਂ ॥੩੩॥ ਅਜਨਮ ਹੈਂ ॥ ਅਬਰਨ ਹੈਂ ॥ ਅਭੂਤ ਹੈਂ ॥ ਅਭਰਨ ਹੈਂ ॥੩੪॥ ਅਗੰਜ ਹੈਂ ॥ ਅਭੰਜ ਹੈਂ ॥ ਅਝੂਝ ਹੈਂ॥ ਅਝੰਝ ਹੈਂ ॥੩੫॥ ਅੱਮੀਕ ਹੈਂ ॥ ਰਫ਼ੀਕ ਹੈਂ ॥ ਅਧੰਧ ਹੈਂ ॥ ਅਬੰਧ ਹੈਂ ॥੩੬॥ ਨ੍ਰਿਬੂਝ ਹੈਂ ॥ ਅਸੂਝ ਹੈਂ ॥ ਅਕਾਲ ਹੈਂ ॥ ਅਜਾਲ ਹੈਂ ॥੩੭॥ ਅਲਾਹ ਹੈਂ ॥ ਅਜਾਹ ਹੈਂ ॥ ਅਨੰਤ ਹੈਂ ॥ ਮਹੰਤ ਹੈਂ ॥੩੮॥ ਅਲੀਕ ਹੈਂ ॥ ਨ੍ਰਿਸਰੀਕ ਹੈਂ ॥ ਨ੍ਰਿਲੰਭ ਹੈਂ ॥ ਅਸੰਭ ਹੈਂ ॥੩੯॥ ਅਗੰਮ ਹੈਂ ॥ ਅਜੰਮ ਹੈਂ ॥ ਅਭੂਤ ਹੈਂ ॥ ਅਛੂਤ ਹੈਂ ॥੪੦॥ ਅਲੋਕ ਹੈਂ ॥ ਅਸੋਕ ਹੈਂ ॥ ਅਕਰਮ ਹੈਂ ॥ ਅਭਰਮ ਹੈਂ ॥੪੧॥ਅਜੀਤ ਹੈਂ ॥ ਅਭੀਤ ਹੈਂ ॥

ਅਬਾਹ ਹੈਂ ॥ ਅਗਾਹ ਹੈਂ ॥੪੨॥
ਅਮਾਨ ਹੈਂ ॥ ਨਿਧਾਨ ਹੈਂ ॥ ਅਨੇਕ ਹੈਂ
॥ ਫਿਰਿ ਏਕ ਹੈਂ ॥੪੩॥

ਭੁਜੰਗ ਪ੍ਰਯਾਤ ਛੰਦ ॥
ਨਮੋ ਸਰਬ ਮਾਨੇ ॥ ਸਮਸਤੀ ਨਿਧਾਨੇ
॥ ਨਮੋ ਦੇਵ ਦੇਵੇ ॥ ਅਭੇਖੀ ਅਭੇਵੇ
॥੪੪॥ ਨਮੋ ਕਾਲ ਕਾਲੇ ॥ ਨਮੋ ਸਰਬ
ਪਾਲੇ ॥ ਨਮੋ ਸਰਬ ਗਉਣੇ ॥ ਨਮੋ
ਸਰਬ ਭਉਣੇ ॥੪੫॥ ਅਨੰਗੀ ਅਨਾਥੇ
॥ ਨ੍ਰਿਸੰਗੀ ਪ੍ਰਮਾਥੇ ॥ ਨਮੋ ਭਾਨ ਭਾਨੇ ॥
ਨਮੋ ਮਾਨ ਮਾਨੇ ॥੪੬॥ ਨਮੋ ਚੰਦ੍ਰ ਚੰਦ੍ਰੇ
॥ ਨਮੋ ਭਾਨ ਭਾਨੇ ॥ ਨਮੋ ਗੀਤ ਗੀਤੇ ॥
ਨਮੋ ਤਾਨ ਤਾਨੇ ॥੪੭॥ ਨਮੋ ਨ੍ਰਿੱਤ
ਨ੍ਰਿੱਤੇ ॥ ਨਮੋ ਨਾਦ ਨਾਦੇ ॥ ਨਮੋ ਪਾਨ
ਪਾਨੇ ॥ ਨਮੋ ਬਾਦ ਬਾਦੇ ॥੪੮॥
ਅਨੰਗੀ ਅਨਾਮੇ ॥ ਸਮਸਤੀ ਸਰੂਪੇ ॥
ਪ੍ਰਭੰਗੀ ਪ੍ਰਮਾਥੇ ॥ ਸਮਸਤੀ ਬਿਭੂਤੇ
॥੪੯॥ ਕਲੰਕੰ ਬਿਨਾ ਨੇ ਕਲੰਕੀ ਸਰੂਪੇ
॥ ਨਮੋ ਰਾਜ ਰਾਜੇਸ੍ਵਰੰ ਪਰਮ ਰੂਪੇ
॥੫੦॥ ਨਮੋ ਜੋਗ ਜੋਗੇਸ੍ਵਰੰ ਪਰਮ ਸਿੱਧੇ
॥ ਨਮੋ ਰਾਜ ਰਾਜੇਸ੍ਵਰੰ ਪਰਮ ਬ੍ਰਿਧੇ
॥੫੧॥ ਨਮੋ ਸਸਤ੍ਰਪਾਣੇ ॥ ਨਮੋ ਅਸਤ੍ਰ
ਮਾਣੇ ॥ ਨਮੋ ਪਰਮ ਗਿਆਤਾ ॥ ਨਮੋ
ਲੋਕ ਮਾਤਾ ॥੫੨॥ ਅਭੇਖੀ ਅਭਰਮੀ
ਅਭੋਗੀ ਅਭੁਗਤੇ ॥ ਨਮੋ ਜੋਗ ਜੋਗੇਸ੍ਵਰੰ
ਪਰਮ ਜੁਗਤੇ ॥੫੩॥ ਨਮੋ ਨਿੱਤ
ਨਾਰਾਇਣੇ ਕ੍ਰੂਰ ਕਰਮੇ ॥ ਨਮੋ ਪ੍ਰੇਤ
ਅਪ੍ਰੇਤ ਦੇਵੇ ਸੁਧਰਮੇ ॥੫੪॥ ਨਮੋ ਰੋਗ
ਹਰਤਾ ਨਮੋ ਰਾਗ ਰੂਪੇ ॥ ਨਮੋ ਸਾਹ
ਸਾਹੰ ਨਮੋ ਭੂਪ ਭੂਪੇ ॥੫੫॥ ਨਮੋ ਦਾਨ
ਦਾਨੇ ਨਮੋ ਮਾਨ ਮਾਨੰ ॥ ਨਮੋ ਰੋਗ ਰੋਗੇ
ਨਮਸਤੰ ਇਸਨਾਨੰ ॥੫੬॥ ਨਮੋ ਮੰਤ੍ਰ
ਮੰਤ੍ਰੰ ਨਮੋ ਜੰਤ੍ਰ ਜੰਤ੍ਰੰ ॥ ਨਮੋ ਇਸਟ
ਇਸਟੇ ਨਮੋ ਤੰਤ੍ਰ ਤੰਤ੍ਰੰ ॥੫੭॥ ਸਦਾ
ਸੱਚਿਦਾਨੰਦ ਸਰਬੰ ਪ੍ਰਣਾਸੀ ॥ ਅਨੂਪੇ
ਅਰੂਪੇ ਸਮਸਤੁਲ ਨਿਵਾਸੀ ॥੫੮॥
ਸਦਾ ਸਿਧਦਾ ਬੁਧਦਾ ਬ੍ਰਿਧ ਕਰਤਾ ॥
ਅਧੋ ਉਰਧ ਅਰਧੰ ਅਘੰ ਓਘ ਹਰਤਾ
॥੫੯॥ ਪਰੰ ਪਰਮ ਪਰਮੇਸ੍ਵਰੰ ਪ੍ਰੋਛ
ਪਾਲੰ ॥ ਸਦਾ ਸਰਬਦਾ ਸਿੱਧਿ ਦਾਤਾ
ਦਿਆਲੰ ॥੬੦॥ ਅਛੇਦੀ ਅਭੇਦੀ
ਅਨਾਮੰ ਅਕਾਮੰ ॥ ਸਮਸਤੋ ਪਰਾਜੀ
ਸਮਸਤਸਤੁ ਧਾਮੰ ॥੬੧॥

ਤੇਰਾ ਜੋਰੁ ॥ ਚਾਚਰੀ ਛੰਦ ॥
ਜਲੇ ਹੈਂ ॥ ਥਲੇ ਹੈਂ ॥ ਅਭੀਤ ਹੈਂ ॥
ਅਭੇ ਹੈਂ ॥ ॥੬੨॥ ਪ੍ਰਭੂ ਹੈਂ ॥ ਅਜੂ ਹੈਂ
॥ ਅਦੇਸ ਹੈਂ ॥ ਅਭੇਸ ਹੈਂ ॥੬੩॥

ਭੁਜੰਗ ਪ੍ਰਯਾਤ ਛੰਦ ॥
ਅਗਾਧੇ ਅਬਾਧੇ ॥ ਅਨੰਦੀ ਸਰੂਪੇ ॥
ਨਮੋ ਸਰਬ ਮਾਨੇ ॥ ਸਮਸਤੀ ਨਿਧਾਨੇ

॥੬੪॥ ਨਮਸਤ੍ਵੰ ਨ੍ਰਿਨਾਥੇ ॥ ਨਮਸਤ੍ਵੰ ਪ੍ਰਮਾਥੇ ॥ ਨਮਸਤ੍ਵੰ ਅਗੰਜੇ ॥ ਨਮਸਤ੍ਵੰ ਅਭੰਜੇ ॥੬੫॥ ਨਮਸਤ੍ਵੰ ਅਕਾਲੇ ॥ ਨਮਸਤ੍ਵੰ ਅਪਾਲੇ ॥ ਨਮੋ ਸਰਬ ਦੇਸੇ ॥ ਨਮੋ ਸਰਬ ਭੇਸੇ ॥੬੬॥ ਨਮੋ ਰਾਜ ਰਾਜੇ ॥ ਨਮੋ ਸਾਜ ਸਾਜੇ ॥ ਨਮੋ ਸ਼ਾਹ ਸ਼ਾਹੇ ॥ ਨਮੋ ਮਾਹ ਮਾਹੇ ॥੬੭॥ ਨਮੋ ਗੀਤ ਗੀਤੇ ॥ ਨਮੋ ਪ੍ਰੀਤ ਪ੍ਰੀਤੇ ॥ ਨਮੋ ਰੋਖ ਰੋਖੇ ॥ ਨਮੋ ਸੋਖ ਸੋਖੇ ॥੬੮॥ ਨਮੋ ਸਰਬ ਰੋਗੇ ॥ ਨਮੋ ਸਰਬ ਭੋਗੇ ॥ ਨਮੋ ਸਰਬ ਜੀਤੰ ॥ ਨਮੋ ਸਰਬ ਭੀਤੰ ॥੬੯॥ ਨਮੋ ਸਰਬ ਗਿਆਨੰ ॥ ਨਮੋ ਪਰਮ ਤਾਨੰ ॥ ਨਮੋ ਸਰਬ ਮੰਤ੍ਰੰ ॥ ਨਮੋ ਸਰਬ ਜੰਤ੍ਰੰ ॥੭੦॥ ਨਮੋ ਸਰਬ ਦ੍ਰਿੱਸੰ ॥ ਨਮੋ ਸਰਬ ਕ੍ਰਿੱਸੰ ॥ ਨਮੋ ਸਰਬ ਰੰਗੇ ॥ ਤ੍ਰਿਭੰਗੀ ਅਨੰਗੇ ॥੭੧॥ ਨਮੋ ਜੀਵ ਜੀਵੰ ॥ ਨਮੋ ਬੀਜ ਬੀਜੇ ॥ ਅਖਿੱਜੇ ਅਭਿੱਜੇ ॥ ਸਮਸਤੰ ਪ੍ਰਸਿੱਜੇ ॥੭੨॥ ਕ੍ਰਿਪਾਲੰ ਸਰੂਪੇ ॥ ਕੁਕਰਮੰ ਪ੍ਰਣਾਸੀ ॥ ਸਦਾ ਸਰਬਦਾ ਰਿਧਿ ਸਿਧੰ ਨਿਵਾਸੀ ॥੭੩॥

ਚਰਪਟ ਛੰਦ ॥ ਤ੍ਵ ਪ੍ਰਸਾਦਿ ॥

ਅੰਮ੍ਰਿਤ ਕਰਮੇ ॥ ਅੰਬ੍ਰਿਤ ਧਰਮੇ ॥ ਅਖੱਲ ਜੋਗੇ ॥ ਅਚੱਲ ਭੋਗੇ ॥੭੪॥ ਅਚੱਲ ਰਾਜੇ ॥ ਅਟੱਲ ਸਾਜੇ ॥ ਅਖੱਲ ਧਰਮੰ ॥ ਅਲੱਖ ਕਰਮੰ ॥੭੫॥ ਸਰਬੰ ਦਾਤਾ ॥ ਸਰਬੰ ਗਿਆਤਾ ॥ ਸਰਬੰ ਭਾਨੇ ॥ ਸਰਬੰ ਮਾਨੇ ॥੭੬॥ ਸਰਬੰ ਪ੍ਰਾਣੰ ॥ ਸਰਬੰ ਤ੍ਰਾਣੰ ॥ ਸਰਬੰ ਭੁਗਤਾ ॥ ਸਰਬੰ ਜੁਗਤਾ ॥੭੭॥ ਸਰਬੰ ਦੇਵੰ ॥ ਸਰਬੰ ਭੇਵੰ ॥ ਸਰਬੰ ਕਾਲੇ ॥ ਸਰਬੰ ਪਾਲੇ ॥੭੮॥

ਰੂਆਲ ਛੰਦ ॥ ਤ੍ਵ ਪ੍ਰਸਾਦਿ ॥

ਆਦਿ ਰੂਪ ਅਨਾਦਿ ਮੂਰਤਿ ਅਜੋਨਿ ਪੁਰਖ ਅਪਾਰ ॥ ਸਰਬ ਮਾਨ ਤ੍ਰਿਮਾਨ ਦੇਵ ਅਭੇਵ ਆਦਿ ਉਦਾਰ ॥ ਸਰਬ ਪਾਲਕ ਸਰਬ ਘਾਲਕ ਸਰਬ ਕੋ ਪੁਨਿ ਕਾਲ ॥ ਜੱਤ੍ਰ ਤੱਤ੍ਰ ਬਿਰਾਜਹੀ ਅਵਧੂਤ ਰੂਪ ਰਿਸਾਲ ॥੭੯॥ ਨਾਮ ਠਾਮ ਨ ਜਾਤਿ ਜਾਕਰ ਰੂਪ ਰੰਗ ਨ ਰੇਖ ॥ ਆਦਿ ਪੁਰਖ ਉਦਾਰ ਮੂਰਤਿ ਅਜੋਨਿ ਆਦਿ ਅਸੇਖ ॥ ਦੇਸ ਔਰ ਨ ਭੇਸ ਜਾਕਰ ਰੂਪ ਰੇਖ ਨ ਰਾਗ ॥ ਜੱਤ੍ਰ ਤੱਤ੍ਰ ਦਿਸਾ ਵਿਸਾ ਹੁਇ ਫੈਲਿਓ ਅਨੁਰਾਗ ॥੮੦॥ ਨਾਮ ਕਾਮ ਬਿਹੀਨ ਪੇਖਤ ਧਾਮ ਹੂੰ ਨਹਿ ਜਾਹਿ ॥ ਸਰਬ ਮਾਨ ਸਰਬੱਤ੍ਰ ਮਾਨ ਸਦੈਵ ਮਾਨਤ ਤਾਹਿ ॥ ਏਕ ਮੂਰਤਿ ਅਨੇਕ ਦਰਸਨ ਕੀਨ ਰੂਪ ਅਨੇਕ ॥ ਖੇਲ ਖੇਲ ਅਖੇਲ ਖੇਲਨ ਅੰਤ ਕੋ ਫਿਰਿ ਏਕ ॥੮੧॥ ਦੇਵ ਭੇਵ ਨ ਜਾਨਹੀ ਜਿਹ ਬੇਦ ਅਉਰ ਕਤੇਬ ॥ ਰੂਪ ਰੰਗ ਨ ਜਾਤਿ ਪਾਤਿ ਸੁ ਜਾਨਈ

ਕਿੰਹ ਜੇਬ ॥ ਤਾਤ ਮਾਤ ਨ ਜਾਤ ਜਾਕਰ ਜਨਮ ਮਰਨ ਬਿਹੀਨ ॥ ਚੱਕ੍ਰ ਬੱਕ੍ਰ ਫਿਰੈ ਚਤੁਰ ਚੱਕ ਮਾਨਹੀ ਪੁਰ ਤੀਨ ॥੯੨॥ ਲੋਕ ਚਉਦਹ ਕੇ ਬਿਖੈ ਜਗ ਜਾਪਹੀ ਜਿੰਹ ਜਾਪ ॥ ਆਦਿ ਦੇਵ ਅਨਾਦਿ ਮੂਰਤਿ ਥਾਪਿਓ ਸਬੈ ਜਿੰਹ ਥਾਪ ॥ ਪਰਮ ਰੂਪ ਪੁਨੀਤ ਮੂਰਤਿ ਪੂਰਨ ਪੁਰਖ ਅਪਾਰ ॥ ਸਰਬ ਬਿਸ੍ਵ ਰਚਿਓ ਸੁਯੰਭਵ ਗੜਨ ਭੰਜਨਹਾਰ ॥੯੩॥ ਕਾਲ ਹੀਨ ਕਲਾ ਸੰਜੁਗਤਿ ਅਕਾਲ ਪੁਰਖ ਅਦੇਸ ॥ ਧਰਮ ਧਾਮ ਸੁ ਭਰਮ ਰਹਿਤ ਅਭੂਤ ਅਲਖ ਅਭੇਸ ॥ ਅੰਗ ਰਾਗ ਨ ਰੰਗ ਜਾਕਹਿ ਜਾਤਿ ਪਾਤਿ ਨ ਨਾਮ ॥ ਗਰਬ ਗੰਜਨ ਦੁਸਟ ਭੰਜਨ ਮੁਕਤਿ ਦਾਇਕ ਕਾਮ ॥੯੪॥ ਆਪ ਰੂਪ ਅਮੀਕ ਅਨ ਉਸਤਤਿ ਏਕ ਪੁਰਖ ਅਵਧੂਤ ॥ ਗਰਬ ਗੰਜਨ ਸਰਬ ਭੰਜਨ ਆਦਿ ਰੂਪ ਅਸੂਤ ॥ ਅੰਗ ਹੀਨ ਅਭੰਗ ਅਨਾਤਮ ਏਕ ਪੁਰਖ ਅਪਾਰ ॥ ਸਰਬ ਲਾਇਕ ਸਰਬ ਘਾਇਕ ਸਰਬ ਕੋ ਪ੍ਰਤਿਪਾਰ ॥੯੫॥ ਸਰਬ ਗੰਤਾ ਸਰਬ ਹੰਤਾ ਸਰਬ ਤੇ ਅਨਭੇਖ ॥ ਸਰਬ ਸਾਸਤ੍ਰ ਨ ਜਾਨਹੀ ਜਿੰਹ ਰੂਪ ਰੰਗੁ ਅਰੁ ਰੇਖ ॥ ਪਰਮ ਬੇਦ ਪੁਰਾਣ ਜਾਕਹਿ ਨੇਤ ਭਾਖਤ ਨਿੱਤ ॥ ਕੋਟਿ ਸਿੰਮ੍ਰਿਤ ਪੁਰਾਨ ਸਾਸਤ੍ਰ ਨ ਆਵਈ ਵਹੁ ਚਿੱਤਿ ॥੯੬॥

ਮਧੁਭਾਰ ਛੰਦ ॥ ਤ੍ਵ ਪ੍ਰਸਾਦਿ ॥
ਗੁਨ ਗਨ ਉਦਾਰ ॥ ਮਹਿਮਾ ਅਪਾਰ ॥ ਆਸਨ ਅਭੰਗ ॥ ਉਪਮਾ ਅਨੰਗ ॥੯੭॥ ਅਨਭਉ ਪ੍ਰਕਾਸ ॥ ਨਿਸਦਿਨ ਅਨਾਸ ॥ ਆਜਾਨੁ ਬਾਹੁ ॥ ਸਾਹਾਨ ਸਾਹੁ ॥੯੮॥ ਰਾਜਾਨ ਰਾਜ ॥ ਭਾਨਾਨ ਭਾਨ ॥ ਦੇਵਾਨ ਦੇਵ ॥ ਉਪਮਾ ਮਹਾਨ ॥੯੯॥ ਇੰਦ੍ਰਾਨ ਇੰਦ੍ਰ ॥ ਬਾਲਾਨ ਬਾਲ ॥ ਰੰਕਾਨ ਰੰਕ ॥ ਕਾਲਾਨ ਕਾਲ ॥੯੦॥ ਅਨਭੂਤ ਅੰਗ ॥ ਆਭਾ ਅਭੰਗ ॥ ਗਤਿ ਮਿਤਿ ਅਪਾਰ ॥ ਗੁਨ ਗਨ ਉਦਾਰ ॥੯੧॥ ਮੁਨਿ ਗਨ ਪ੍ਰਨਾਮ ॥ ਨਿਰਭੈ ਨਿਕਾਮ ॥ ਅਤਿ ਦੁਤਿ ਪ੍ਰਚੰਡ ॥ ਮਿਤਿ ਗਤਿ ਅਖੰਡ ॥੯੨॥ ਆਲਿਸ੍ਯ ਕਰਮ ॥ ਆਦ੍ਰਿਸ੍ਯ ਧਰਮ ॥ ਸਰਬਾ ਭਰਣਾਢ੍ਯ ॥ ਅਨਡੰਡ ਬਾਢ੍ਯ ॥੯੩॥

ਚਾਚਰੀ ਛੰਦ ॥ ਤ੍ਵ ਪ੍ਰਸਾਦਿ ॥
ਗੋਬਿੰਦੇ॥ ਮੁਕੰਦੇ ॥ ਉਦਾਰੇ ॥ ਅਪਾਰੇ ॥੯੪॥ ਹਰੀਅੰ ॥ ਕਰੀਅੰ ॥ ਨ੍ਰਿਨਾਮੇ ॥ ਅਕਾਮੇ ॥੯੫॥

ਭੁਜੰਗ ਪ੍ਰਯਾਤ ਛੰਦ ॥
ਚੱਤ੍ਰ ਚੱਕ੍ਰ ਕਰਤਾ ॥ ਚੱਤ੍ਰ ਚੱਕ੍ਰ ਹਰਤਾ ॥ ਚੱਤ੍ਰ ਚੱਕ੍ਰ ਦਾਨੇ ॥ ਚੱਤ੍ਰ ਚੱਕ੍ਰ ਜਾਨੇ

॥੯੬॥ ਚੱਤ੍ਰ ਚੱਕ੍ਰ ਵਰਤੀ ॥ ਚੱਤ੍ਰ ਚੱਕ੍ਰ ਭਰਤੀ ॥ ਚੱਤ੍ਰ ਚੱਕ੍ਰ ਪਾਲੇ ॥ ਚੱਤ੍ਰ ਚੱਕ੍ਰ ਕਾਲੇ ॥੯੭॥ ਚੱਤ੍ਰ ਚੱਕ੍ਰ ਪਾਸੇ ॥ ਚੱਤ੍ਰ ਚੱਕ੍ਰ ਵਾਸੇ ॥ ਚੱਤ੍ਰ ਚੱਕ੍ਰ ਮਾਨਯੈ ॥ ਚੱਤ੍ਰ ਚੱਕ੍ਰ ਦਾਨਯੈ ॥੯੮॥

ਚਾਚਰੀ ਛੰਦ ॥
ਨ ਸੱਤ੍ਰੈ ॥ ਨ ਮਿੱਤ੍ਰੈ ॥ ਨ ਭਰਮੰ ॥ ਨ ਭਿੱਤ੍ਰੈ ॥੯੯॥ ਨ ਕਰਮੰ ॥ ਨ ਕਾਏ ॥ ਅਜਨਮੰ ॥ ਅਜਾਏ ॥੧੦੦॥ ਨ ਚਿੱਤ੍ਰੈ ॥ ਨ ਮਿੱਤ੍ਰੈ ॥ ਪਰੇ ਹੈਂ ॥ ਪਵਿੱਤ੍ਰੈ ॥੧੦੧॥ ਪ੍ਰਿਥੀਸੈ ॥ ਅਦੀਸੈ ॥ ਅਦ੍ਰਿਸੈ ॥ ਅਕ੍ਰਿਸੈ ॥੧੦੨॥

ਭਗਵਤੀ ਛੰਦ ॥ ਤ੍ਵ ਪ੍ਰਸਾਦਿ ਕਥਤੇ ॥
ਕਿ ਆਛਿੱਜ ਦੇਸੈ ॥ ਕਿ ਆਭਿੱਜ ਭੇਸੈ ॥ ਕਿ ਆਗੰਜ ਕਰਮੈ ॥ ਕਿ ਆਭੰਜ ਭਰਮੈ ॥੧੦੩॥ ਕਿ ਆਭਿਜ ਲੋਕੈ ॥ ਕਿ ਆਦਿਤ ਸੋਕੈ ॥ ਕਿ ਅਵਧੂਤ ਬਰਨੈ ॥ ਕਿ ਬਿਭੂਤ ਕਰਨੈ ॥੧੦੪॥ ਕਿ ਰਾਜੰ ਪ੍ਰਭਾ ਹੈਂ ॥ ਕਿ ਧਰਮੰ ਧੁਜਾ ਹੈਂ॥ ਕਿ ਆਸੋਕ ਬਰਨੈ ॥ ਕਿ ਸਰਬਾ ਅਭਰਨੈ ॥੧੦੫॥ ਕਿ ਜਗਤੰ ਕ੍ਰਿਤੀ ਹੈਂ ॥ ਕਿ ਛਤ੍ਰੰ ਛਤ੍ਰੀ ਹੈਂ ॥ ਕਿ ਬ੍ਰਹਮੰ ਸਰੂਪੈ ॥ ਕਿ ਅਨਭਉ ਅਨੂਪੈ ॥੧੦੬॥ ਕਿ ਆਦਿ ਅਦੇਵ ਹੈਂ ॥ ਕਿ ਆਪਿ ਅਭੇਵ ਹੈਂ ॥ ਕਿ ਚਿੱਤ੍ਰੰ ਬਿਹੀਨੈ ॥ ਕਿ ਏਕੈ ਅਧੀਨੈ ॥੧੦੭॥ ਕਿ ਰੋਜ਼ੀ ਰਜ਼ਾਕੈ ॥ ਰਹੀਮੈ ਰਹਾਕੈ ॥ ਕਿ ਪਾਕ ਬਿਐਬ ਹੈਂ ॥ ਕਿ ਗ਼ੈਬੁਲ ਗ਼ੈਬ ਹੈਂ ॥੧੦੮॥ ਕਿ ਅਫ਼ਵੁਲ ਗੁਨਾਹ ਹੈਂ ॥ ਕਿ ਸ਼ਾਹਾਨ ਸ਼ਾਹ ਹੈਂ ॥ ਕਿ ਕਾਰਨ ਕੁਨਿੰਦ ਹੈਂ ॥ ਕਿ ਰੋਜ਼ੀ ਦਿਹੰਦ ਹੈਂ ॥੧੦੯॥ ਕਿ ਰਾਜ਼ਕ ਰਹੀਮ ਹੈਂ ॥ ਕਿ ਕਰਮੰ ਕਰੀਮ ਹੈਂ ॥ ਕਿ ਸਰਬੰ ਕਲੀ ਹੈਂ ॥ ਕਿ ਸਰਬੰ ਦਲੀ ਹੈਂ ॥੧੧੦॥ ਕਿ ਸਰਬੱਤ੍ਰ ਮਾਨਿਯੈ ॥ ਕਿ ਸਰਬੱਤ੍ਰ ਦਾਨਿਯੈ ॥ ਕਿ ਸਰਬੱਤ੍ਰ ਗਉਨੈ ॥ ਕਿ ਸਰਬੱਤ੍ਰ ਭਉਨੈ ॥੧੧੧॥ ਕਿ ਸਰਬੱਤ੍ਰ ਦੇਸੈ ॥ ਕਿ ਸਰਬੱਤ੍ਰ ਭੇਸੈ ॥ ਕਿ ਸਰਬੱਤ੍ਰ ਰਾਜੈ ॥ ਕਿ ਸਰਬੱਤ੍ਰ ਸਾਜੈ ॥੧੧੨॥ ਕਿ ਸਰਬੱਤ੍ਰ ਦੀਨੈ ॥ ਕਿ ਸਰਬੱਤ੍ਰ ਲੀਨੈ ॥ ਕਿ ਸਰਬੱਤ੍ਰ ਜਾਹੋ ॥ ਕਿ ਸਰਬੱਤ੍ਰ ਭਾਹੋ ॥੧੧੩॥ ਕਿ ਸਰਬੱਤ੍ਰ ਦੇਸੈ ॥ ਕਿ ਸਰਬੱਤ੍ਰ ਭੇਸੈ ॥ ਕਿ ਸਰਬੱਤ੍ਰ ਕਾਲੈ ॥ ਕਿ ਸਰਬੱਤ੍ਰ ਪਾਲੈ ॥੧੧੪॥ ਕਿ ਸਰਬੱਤ੍ਰ ਹੰਤਾ ॥ ਕਿ ਸਰਬੱਤ੍ਰ ਗੰਤਾ ॥ ਕਿ ਸਰਬੱਤ੍ਰ ਭੇਖੀ ॥ ਕਿ ਸਰਬੱਤ੍ਰ ਪੇਖੀ ॥੧੧੫॥ ਕਿ ਸਰਬੱਤ੍ਰ ਕਾਜੈ ॥ ਕਿ ਸਰਬੱਤ੍ਰ ਰਾਜੈ ॥ ਕਿ ਸਰਬੱਤ੍ਰ ਸੋਖੈ ॥ ਕਿ ਸਰਬੱਤ੍ਰ ਪੋਖੈ ॥੧੧੬॥ ਕਿ ਸਰਬੱਤ੍ਰ ਤ੍ਰਾਣੈ ॥ ਕਿ ਸਰਬੱਤ੍ਰ ਪ੍ਰਾਣੈ ॥ ਕਿ ਸਰਬੱਤ੍ਰ ਦੇਸੈ ॥ ਕਿ ਸਰਬੱਤ੍ਰ ਭੇਸੈ ॥੧੧੭॥ ਕਿ ਸਰਬੱਤ੍ਰ

ਮਾਨਿਯੈਂ ॥ ਸਦੈਵੰ ਪ੍ਰਧਾਨਿਯੈਂ ॥ ਕਿ ਸਰਬੱਤ੍ਰ ਜਾਪਿਯੈ ॥ ਕਿ ਸਰਬੱਤ੍ਰ ਥਾਪਿਯੈ ॥੧੧੮॥ ਕਿ ਸਰਬੱਤ੍ਰ ਭਾਨੈ ॥ ਕਿ ਸਰਬੱਤ੍ਰ ਮਾਨੈ ॥ ਕਿ ਸਰਬੱਤ੍ਰ ਇੰਦ੍ਰੈ ॥ ਕਿ ਸਰਬੱਤ੍ਰ ਚੰਦ੍ਰੈ ॥੧੧੯॥ ਕਿ ਸਰਬੰ ਕਲੀਮੈ ॥ ਕਿ ਪਰਮੰ ਫ਼ਹੀਮੈ ॥ ਕਿ ਆਕਿਲ ਅਲਾਮੈ ॥ ਕਿ ਸਾਹਿਬ ਕਲਾਮੈ ॥੧੨੦॥ ਕਿ ਹੁਸਨਲ ਵਜੂ ਹੈਂ ॥ ਤਮਾਮੁਲ ਰੁਜੂ ਹੈਂ ॥ ਹਮੇਸੁਲ ਸਲਾਮੈਂ ॥ ਸਲੀਖਤ ਮੁਦਾਮੈਂ ॥੧੨੧॥ ਗ਼ਨੀਮੁਲ ਸ਼ਿਕਸਤੈ ॥ ਗ਼ਰੀਬੁਲ ਪਰਸਤੈ ॥ ਬਿਲੰਦੁਲ ਮਕਾਨੈਂ ॥ ਜ਼ਮੀਨੁਲ ਜ਼ਮਾਨੈਂ ॥੧੨੨॥ ਤਮੀਜ਼ੁਲ ਤਮਾਮੈਂ ॥ ਰੁਜੂਅਲ ਨਿਧਾਨੈਂ ॥ ਹਰੀਫੁਲ ਅਜੀਮੈਂ॥ ਰਜ਼ਾਇਕ ਯਕੀਨੈਂ ॥੧੨੩॥ ਅਨੇਕੁਲ ਤਰੰਗ ਹੈਂ ॥ ਅਭੇਦ ਹੈਂ ਅਭੰਗ ਹੈਂ ॥ ਅਜ਼ੀਜ਼ੁਲ ਨਿਵਾਜ਼ ਹੈਂ ॥ ਗ਼ਨੀਮੁਲ ਖ਼ਿਰਾਜ ਹੈਂ ॥੧੨੪॥ ਨਿਰੁਕਤ ਸਰੂਪ ਹੈਂ ॥ ਤ੍ਰਿਮੁਕਤਿ ਬਿਭੂਤ ਹੈਂ ॥ ਪ੍ਰਭੁਗਤਿ ਪ੍ਰਭਾ ਹੈਂ ॥ ਸੁਜੁਗਤਿ ਸੁਧਾ ਹੈਂ ॥੧੨੫॥ ਸਦੈਵੰ ਸਰੂਪ ਹੈਂ ॥ ਅਭੇਦੀ ਅਨੂਪ ਹੈਂ ॥ ਸਮਸਤੋ ਪਰਾਜ ਹੈਂ ॥ ਸਦਾ ਸਰਬ ਸਾਜ ਹੈਂ ॥੧੨੬॥ ਸਮਸਤੁਲ ਸਲਾਮ ਹੈਂ ॥ ਸਦੈਵਲ ਅਕਾਮ ਹੈਂ ॥ ਨ੍ਰਿਬਾਧ ਸਰੂਪ ਹੈਂ ॥ ਅਗਾਧ ਹੈਂ ਅਨੂਪ ਹੈਂ ॥੧੨੭॥ ਓਅੰ ਆਦਿ ਰੂਪੇ ॥ ਅਨਾਦਿ ਸਰੂਪੈ ॥ ਅਨੰਗੀ ਅਨਾਮੇ ॥ ਤ੍ਰਿਭੰਗੀ ਤ੍ਰਿਕਾਮੇ ॥੧੨੮॥ ਤ੍ਰਿਬਰਗੰ ਤ੍ਰਿਬਾਧੇ ॥ ਅਗੰਜੇ ਅਗਾਧੇ ॥ ਸੁਭੰ ਸਰਬ ਭਾਗੇ ॥ ਸੁ ਸਰਬਾ ਅਨੁਰਾਗੇ॥੧੨੯॥ ਤ੍ਰਿਭੁਗਤ ਸਰੂਪ ਹੈਂ ॥ ਅਛਿੱਜ ਹੈਂ ਅਛੂਤ ਹੈਂ ॥ ਕਿ ਨਰਕੰ ਪ੍ਰਣਾਸ ਹੈਂ ॥ ਪ੍ਰਿਥੀਉਲ ਪ੍ਰਵਾਸ ਹੈਂ ॥੧੩੦॥ ਨਿਰੁਕਤਿ ਪ੍ਰਭਾ ਹੈਂ ॥ ਸਦੈਵੰ ਸਦਾ ਹੈਂ ॥ ਬਿਭੁਗਤਿ ਸਰੂਪ ਹੈਂ ॥ ਪ੍ਰਜੁਗਤਿ ਅਨੂਪ ਹੈਂ ॥੧੩੧॥ ਨਿਰੁਕਤਿ ਸਦਾ ਹੈਂ ॥ ਬਿਭੁਗਤਿ ਪ੍ਰਭਾ ਹੈਂ ॥ ਅਨਉਕਤਿ ਸਰੂਪ ਹੈਂ ॥ ਪ੍ਰਜੁਗਤਿ ਅਨੂਪ ਹੈਂ ॥੧੩੨॥

ਚਾਚਰੀ ਛੰਦ ॥

ਅਭੰਗ ਹੈਂ ॥ ਅਨੰਗ ਹੈਂ ॥ ਅਭੇਖ ਹੈਂ ॥ ਅਲੇਖ ਹੈਂ ॥੧੩੩॥ ਅਭਰਮ ਹੈਂ ॥ ਅਕਰਮ ਹੈਂ ॥ ਅਨਾਦਿ ਹੈਂ ॥ ਜੁਗਾਦਿ ਹੈਂ ॥੧੩੪॥ ਅਜੈ ਹੈਂ ॥ ਅਬੈ ਹੈਂ ॥ ਅਭੂਤ ਹੈਂ ॥ ਅਧੂਤ ਹੈਂ ॥੧੩੫॥ ਅਨਾਸ ਹੈਂ ॥ ਉਦਾਸ ਹੈਂ ॥ ਅਧੰਧ ਹੈਂ ॥ ਅਬੰਧ ਹੈਂ ॥੧੩੬॥ ਅਭਗਤ ਹੈਂ ॥ ਬਿਰਕਤ ਹੈਂ ॥ ਅਨਾਸ ਹੈਂ ॥ ਪ੍ਰਕਾਸ ਹੈਂ ॥੧੩੭॥ ਨਿਚਿੰਤ ਹੈਂ ॥ ਸੁਨਿੰਤ ਹੈਂ ॥ ਅਲਿੱਖ ਹੈਂ ॥ ਅਦਿੱਖ ਹੈਂ ॥੧੩੮॥ ਅਲੇਖ ਹੈਂ ॥ ਅਭੇਖ ਹੈਂ ॥ ਅਢਾਹ ਹੈਂ ॥ ਅਗਾਹ ਹੈਂ ॥੧੩੯॥ ਅਸੰਭ ਹੈਂ ॥

ਅਗੰਭ ਹੈਂ ॥ ਅਨੀਲ ਹੈਂ ॥ ਅਨਾਦਿ ਹੈਂ ॥੧੪੦॥ ਅਨਿੱਤ ਹੈਂ ॥ ਸੁਨਿੱਤ ਹੈਂ ॥ ਅਜਾਤ ਹੈਂ ॥ ਅਜਾਦ ਹੈਂ ॥੧੪੧॥

ਚਰਪਟ ਛੰਦ ॥ ਤ੍ਵ ਪ੍ਰਸਾਦਿ ॥

ਸਰਬੰ ਹੰਤਾ ॥ ਸਰਬੰ ਗੰਤਾ ॥ਸਰਬੰ ਖਿਆਤਾ ॥ ਸਰਬੰ ਗਿਆਤਾ ॥੧੪੨॥ ਸਰਬੰ ਹਰਤਾ ॥ ਸਰਬੰ ਕਰਤਾ ॥ ਸਰਬੰ ਪ੍ਰਾਣੰ ॥ ਸਰਬੰ ਤ੍ਰਾਣੰ ॥੧੪੩॥ ਸਰਬੰ ਕਰਮੰ ॥ ਸਰਬੰ ਧਰਮੰ ॥ ਸਰਬੰ ਜੁਗਤਾ ॥ ਸਰਬੰ ਮੁਕਤਾ ॥੧੪੪॥

ਰਸਾਵਲ ਛੰਦ ॥ ਤ੍ਵ ਪ੍ਰਸਾਦਿ ॥

ਨਮੋ ਨਰਕ ਨਾਸੇ ॥ ਸਦੈਵੰ ਪ੍ਰਕਾਸੇ ॥ ਅਨੰਗੰ ਸਰੂਪੇ ॥ ਅਭੰਗੰ ਬਿਭੂਤੇ ॥੧੪੫॥ ਪ੍ਰਮਾਥੰ ਪ੍ਰਮਾਥੇ ॥ ਸਦਾ ਸਰਬ ਸਾਥੇ ॥ ਅਗਾਧ ਸਰੂਪੇ ॥ ਨ੍ਰਿਬਾਧ ਬਿਭੂਤੇ ॥੧੪੬॥ ਅਨੰਗੀ ਅਨਾਮੇ ॥ ਤ੍ਰਿਭੰਗੀ ਤ੍ਰਿਕਾਮੇ ॥ ਨ੍ਰਿਭੰਗੀ ਸਰੂਪੇ ॥ ਸਰਬੰਗੀ ਅਨੂਪੇ ॥੧੪੭॥ ਨ ਪੋਤ੍ਰੈ ਨ ਪੁੱਤ੍ਰੈ ॥ ਨ ਸੱਤ੍ਰੈ ਨ ਮਿੱਤ੍ਰੈ ॥ ਨ ਤਾਤੈ ਨ ਮਾਤੈ ॥ ਨ ਜਾਤੈ ਨ ਪਾਤੈ ॥੧੪੮॥ ਨ੍ਰਿਸਾਕੰ ਸਰੀਕ ਹੈਂ ॥ ਅਮਿਤੋ ਅਮੀਕ ਹੈਂ ॥ ਸਦੈਵੰ ਪ੍ਰਭਾ ਹੈਂ ॥ ਅਜੈ ਹੈਂ ਅਜਾ ਹੈਂ ॥੧੪੯॥

ਭਗਵਤੀ ਛੰਦ ॥ ਤ੍ਵ ਪ੍ਰਸਾਦਿ ॥

ਕਿ ਜ਼ਾਹਰ ਜ਼ਹੂਰ ਹੈਂ ॥ ਕਿ ਹਾਜ਼ਰ ਹਜ਼ੂਰ ਹੈਂ ॥ ਹਮੇਸੁਲ ਸਲਾਮ ਹੈਂ ॥ ਸਮਸਤੁਲ ਕਲਾਮ ਹੈਂ ॥੧੫੦॥ ਕਿ ਸਾਹਿਬ ਦਿਮਾਗ਼ ਹੈਂ ॥ ਕਿ ਹੁਸਨਲ ਚਰਾਗ਼ ਹੈਂ ॥ ਕਿ ਕਾਮਲ ਕਰੀਮ ਹੈਂ ॥ ਕਿ ਰਾਜ਼ਕ ਰਹੀਮ ਹੈਂ ॥੧੫੧॥ ਕਿ ਰੋਜ਼ੀ ਦਿਹਿੰਦ ਹੈਂ ॥ ਕਿ ਰਾਜ਼ਕ ਰਹਿੰਦ ਹੈਂ ॥ ਕਰੀਮੁਲ ਕਮਾਲ ਹੈਂ ॥ ਕਿ ਹੁਸਨਲ ਜਮਾਲ ਹੈਂ ॥੧੫੨॥ ਗ਼ਨੀਮੁਲ ਖ਼ਿਰਾਜ ਹੈਂ ॥ ਗ਼ਰੀਬੁਲ ਨਿਵਾਜ਼ ਹੈਂ ॥ ਹਰੀਫ਼ੁਲ ਸ਼ਿਕੰਨ ਹੈਂ ॥ ਹਿਰਾਸੁਲ ਫਿਕੰਨ ਹੈਂ ॥੧੫੩॥ ਕਲੰਕੰ ਪ੍ਰਣਾਸ ਹੈਂ ॥ ਸਮਸਤੁਲ ਨਿਵਾਸ ਹੈਂ ॥ ਅਗੰਜੁਲ ਗਨੀਮ ਹੈਂ ॥ ਰਜਾਇਕ ਰਹੀਮ ਹੈਂ ॥੧੫੪॥ ਸਮਸਤੁਲ ਜੁਬਾਂ ਹੈਂ ॥ ਕਿ ਸਾਹਿਬ ਕਿਰਾਂ ਹੈਂ ॥ ਕਿ ਨਰਕੰ ਪ੍ਰਣਾਸ ਹੈਂ ॥ ਬਹਿਸਤੁਲ ਨਿਵਾਸ ਹੈਂ ॥੧੫੫॥ ਕਿ ਸਰਬੁਲ ਗਵੰਨ ਹੈਂ ॥ ਹਮੇਸੁਲ ਰਵੰਨ ਹੈਂ ॥ ਤਮਾਮੁਲ ਤਮੀਜ ਹੈਂ ॥ ਸਮਸਤੁਲ ਅਜੀਜ ਹੈਂ ॥੧੫੬॥ ਪਰੰ ਪਰਮ ਈਸ ਹੈਂ ॥ ਸਮਸਤੁਲ ਅਦੀਸ ਹੈਂ ॥ ਅਦੇਸੁਲ ਅਲੇਖ ਹੈਂ ॥ ਹਮੇਸੁਲ ਅਭੇਖ ਹੈਂ ॥੧੫੭॥ ਜ਼ਮੀਨੁਲ ਜ਼ਮਾ ਹੈਂ ॥ ਅਮੀਕੁਲ ਇਮਾ ਹੈਂ ॥ ਕਰੀਮੁਲ ਕਮਾਲ ਹੈਂ ॥ ਕਿ ਜੁਰਅਤਿ ਜਮਾਲ ਹੈਂ

॥੧੫੮॥ ਕਿ ਅਚਲੰ ਪ੍ਰਕਾਸ ਹੈਂ ॥ ਕਿ ਅਮਿਤੋ ਸੁਬਾਸ ਹੈਂ ॥ ਕਿ ਅਜਬ ਸਰੂਪ ਹੈਂ ॥ ਕਿ ਅਮਿਤੋ ਬਿਭੂਤ ਹੈਂ ॥੧੫੯॥ ਕਿ ਅਮਿਤੋ ਪਸਾ ਹੈਂ ॥ ਕਿ ਆਤਮ ਪ੍ਰਭਾ ਹੈਂ ॥ ਕਿ ਅਚਲੰ ਅਨੰਗ ਹੈਂ ॥ ਕਿ ਅਮਿਤੋ ਅਭੰਗ ਹੈਂ ॥੧੬੦॥

ਮਧੁਭਾਰ ਛੰਦ ॥ ਤ੍ਵ ਪ੍ਰਸਾਦਿ ॥
ਮੁਨਿ ਮਨਿ ਪ੍ਰਨਾਮ ॥ ਗੁਨਿ ਗਨ ਮੁਦਾਮ ॥ ਅਰਿ ਬਰ ਅਗੰਜ ॥ ਹਰਿ ਨਰ ਪ੍ਰਭੰਜ ॥੧੬੧॥ ਅਨ ਗਨ ਪ੍ਰਨਾਮ ॥ ਮੁਨਿ ਮਨਿ ਸਲਾਮ ॥ ਹਰਿ ਨਰ ਅਖੰਡ ॥ ਬਰ ਨਰ ਅਮੰਡ ॥੧੬੨॥ ਅਨਭਵ ਅਨਾਸ ॥ ਮੁਨਿ ਮਨਿ ਪ੍ਰਕਾਸ ॥ ਗੁਨਿ ਗਨ ਪ੍ਰਨਾਮ ॥ ਜਲ ਥਲ ਮੁਦਾਮ ॥੧੬੩॥ ਅਨਛਿੱਜ ਅੰਗ ॥ ਆਸਨ ਅਭੰਗ ॥ ਉਪਮਾ ਅਪਾਰ ॥ ਗਤਿ ਮਿਤਿ ਉਦਾਰ ॥੧੬੪॥ ਜਲ ਥਲ ਅਮੰਡ ॥ ਦਿਸ ਵਿਸ ਅਭੰਡ ॥ ਜਲ ਥਲ ਮਹੰਤ ॥ ਦਿਸ ਵਿਸ ਬਿਅੰਤ ॥੧੬੫॥ ਅਨਭਵ ਅਨਾਸ ॥ ਧ੍ਰਿਤਧਰ ਧੁਰਾਸ ॥ ਆਜਾਨ ਬਾਹੁ ॥ ਏਕੈ ਸਦਾਹੁ ॥੧੬੬॥ ਓਅੰਕਾਰ ਆਦਿ ॥ ਕਥਨੀ ਅਨਾਦਿ ॥ ਖਲ ਖੰਡ ਖਿਆਲ ॥ ਗੁਰ ਬਰ ਅਕਾਲ ॥੧੬੭॥ ਘਰ ਘਰਿ ਪ੍ਰਨਾਮ ॥ ਚਿਤ ਚਰਨ ਨਾਮ ॥ ਅਨਛਿੱਜ ਗਾਤ ॥ ਆਜਿਜ ਨ ਬਾਤ ॥੧੬੮॥ ਅਨਝੰਝ ਗਾਤ ॥ ਅਨਰੰਜ ਬਾਤ ॥ ਅਨਟੁਟ ਭੰਡਾਰ ॥ ਅਨਠਟ ਅਪਾਰ ॥੧੬੯॥ ਆਡੀਠ ਧਰਮ ॥ ਅਤਿ ਢੀਠ ਕਰਮ ॥ ਅਣਬ੍ਰਣ ਅਨੰਤ ॥ ਦਾਤਾ ਮਹੰਤ ॥੧੭੦॥

ਹਰਿਬੋਲਮਨਾ ਛੰਦ ॥ ਤ੍ਵ ਪ੍ਰਸਾਦਿ ॥
ਕਰੁਣਾਲਯ ਹੈਂ ॥ ਅਰਿ ਘਾਲਯ ਹੈਂ ॥ ਖਲ ਖੰਡਨ ਹੈਂ ॥ ਮਹਿ ਮੰਡਨ ਹੈਂ ॥੧੭੧॥ ਜਗਤੇਸ੍ਵਰ ਹੈਂ ॥ ਪਰਮੇਸ੍ਵਰ ਹੈਂ ॥ ਕਲਿ ਕਾਰਣ ਹੈਂ ॥ ਸਰਬ ਉਬਾਰਣ ਹੈਂ ॥੧੭੨॥ ਧ੍ਰਿਤ ਕੇ ਧ੍ਰਣ ਹੈਂ ॥ ਜਗ ਕੇ ਕ੍ਰਣ ਹੈਂ ॥ ਮਨ ਮਾਨਿਯ ਹੈਂ ॥ ਜਗ ਜਾਨਿਯ ਹੈਂ ॥੧੭੩॥ ਸਰਬੰ ਭਰ ਹੈਂ ॥ ਸਰਬੰ ਕਰ ਹੈਂ ॥ ਸਰਬ ਪਾਸਿਯ ਹੈਂ ॥ ਸਰਬ ਨਾਸਿਯ ਹੈਂ ॥੧੭੪॥ ਕਰੁਣਾਕਰ ਹੈਂ ॥ ਬਿਸ੍ਵੰਭਰ ਹੈਂ ॥ ਸਰਬੇਸ੍ਵਰ ਹੈਂ ॥ ਜਗਤੇਸ੍ਵਰ ਹੈਂ ॥੧੭੫॥ ਬ੍ਰਹਮੰਡਸ ਹੈਂ ॥ ਖਲ ਖੰਡਸ ਹੈਂ ॥ ਪਰ ਤੇ ਪਰ ਹੈਂ ॥ ਕਰੁਣਾਕਰ ਹੈਂ ॥੧੭੬॥ ਅਜਪਾਜਪ ਹੈਂ ॥ ਅਥਪਾਥਪ ਹੈਂ ॥ ਅਕ੍ਰਿਤਾ ਕ੍ਰਿਤ ਹੈਂ ॥ ਅਮ੍ਰਿਤਾ ਮ੍ਰਿਤ ਹੈਂ ॥੧੭੭॥ ਅਮ੍ਰਿਤਾ ਮ੍ਰਿਤ ਹੈਂ ॥ ਕਰਣਾ ਕ੍ਰਿਤ ਹੈਂ ॥ ਅਕ੍ਰਿਤਾ ਕ੍ਰਿਤ ਹੈਂ ॥ ਧਰਣੀ ਧ੍ਰਿਤ ਹੈਂ ॥੧੭੮॥ ਅਮ੍ਰਿਤੇਸ੍ਵਰ ਹੈਂ ॥ ਪਰਮੇਸ੍ਵਰ ਹੈਂ ॥ ਅਕ੍ਰਿਤਾ ਕ੍ਰਿਤ ਹੈਂ ॥ ਅਮ੍ਰਿਤਾ ਮ੍ਰਿਤ ਹੈਂ

॥੧੭੯॥ ਅਜਬਾ ਕ੍ਰਿਤ ਹੈਂ ॥ ਅਮ੍ਰਿਤਾ ਅਮ੍ਰਿਤ ਹੈਂ ॥ ਨਰ ਨਾਇਕ ਹੈਂ ॥ ਖਲ ਘਾਇਕ ਹੈਂ ॥੧੮੦॥ ਬਿਸ੍ਵੰਭਰ ਹੈਂ ॥ ਕਰੁਣਾਲਯ ਹੈਂ ॥ ਨ੍ਰਿਪ ਨਾਇਕ ਹੈਂ ॥ ਸਰਬ ਪਾਇਕ ਹੈਂ ॥੧੮੧॥ ਭਵ ਭੰਜਨ ਹੈਂ ॥ ਅਰਿ ਗੰਜਨ ਹੈਂ ॥ ਰਿਪੁ ਤਾਪਨ ਹੈਂ ॥ ਜਪੁ ਜਾਪਨ ਹੈਂ ॥੧੮੨॥ ਅਕਲੰ ਕ੍ਰਿਤ ਹੈਂ ॥ ਸਰਬਾ ਕ੍ਰਿਤ ਹੈਂ ॥ ਕਰਤਾ ਕਰ ਹੈਂ ॥ ਹਰਤਾ ਹਰਿ ਹੈਂ ॥੧੮੩॥ ਪਰਮਾਤਮ ਹੈਂ ॥ ਸਰਬਾਤਮ ਹੈਂ ॥ ਆਤਮ ਬਸ ਹੈਂ ॥ ਜਸ ਕੇ ਜਸ ਹੈਂ ॥੧੮੪॥

ਭੁਜੰਗ ਪ੍ਰਯਾਤ ਛੰਦ ॥ ਨਮੋ ਸੂਰਜ ਸੂਰਜੇ ਨਮੋ ਚੰਦ੍ਰ ਚੰਦ੍ਰੇ ॥ ਨਮੋ ਰਾਜ ਰਾਜੇ ਨਮੋ ਇੰਦ੍ਰ ਇੰਦ੍ਰੇ ॥ ਨਮੋ ਅੰਧਕਾਰੇ ਨਮੋ ਤੇਜ ਤੇਜੇ ॥ ਨਮੋ ਬ੍ਰਿੰਦ ਬ੍ਰਿੰਦੇ ਨਮੋ ਬੀਜ ਬੀਜੇ ॥੧੮੫॥ਨਮੋ ਰਾਜਸੰ ਤਾਮਸੰ ਸਾਂਤ ਰੂਪੇ ॥ ਨਮੋ ਪਰਮ ਤੱਤੰ ਅਤੱਤੰ ਸਰੂਪੇ ॥ ਨਮੋ ਜੋਗ ਜੋਗੇ ਨਮੋ ਗਿਆਨ ਗਿਆਨੇ ॥ ਨਮੋ ਮੰਤ੍ਰ ਮੰਤ੍ਰੇ ਨਮੋ ਧਿਆਨ ਧਿਆਨੇ ॥੧੮੬॥ ਨਮੋ ਜੁਧ ਜੁਧੇ ਨਮੋ ਗਿਆਨ ਗਿਆਨੇ ॥ ਨਮੋ ਭੋਜ ਭੋਜੇ ਨਮੋ ਪਾਨ ਪਾਨੇ ॥ ਨਮੋ ਕਲਹ ਕਰਤਾ ਨਮੋ ਸਾਂਤ ਰੂਪੇ ॥ ਨਮੋ ਇੰਦ੍ਰ ਇੰਦ੍ਰੇ ਅਨਾਦੰ ਬਿਭੂਤੇ ॥੧੮੭॥ ਕਲੰਕਾਰ ਰੂਪੇ ਅਲੰਕਾਰ ਅਲੰਕੇ ॥ ਨਮੋ ਆਸ ਆਸੇ ਨਮੋ ਬਾਂਕ ਬੰਕੇ ॥ ਅਭੰਗੀ ਸਰੂਪੇ ਅਨੰਗੀ ਅਨਾਮੇ ॥ ਤ੍ਰਿਭੰਗੀ ਤ੍ਰਿਕਾਲੇ ਅਨੰਗੀ ਅਕਾਮੇ ॥੧੮੮॥

ਏਕ ਅਛਰੀ ਛੰਦ ॥
ਅਜੈ ॥ ਅਲੈ ॥ ਅਭੈ ॥ ਅਬੈ ॥੧੮੯॥
ਅਭੂ ॥ ਅਜੂ ॥ ਅਨਾਸ ॥ ਅਕਾਸ ॥੧੯੦॥ ਅਗੰਜ ॥ ਅਭੰਜ ॥ ਅਲੱਖ ॥ ਅਭੱਖ ॥੧੯੧॥ ਅਕਾਲ ॥ ਦਿਆਲ ॥ ਅਲੇਖ ॥ ਅਭੇਖ ॥੧੯੨॥ ਅਨਾਮ ॥ ਅਕਾਮ ॥ ਅਗਾਹ ॥ ਅਢਾਹ ॥੧੯੩॥ ਅਨਾਥੇ ॥ ਪ੍ਰਮਾਥੇ ॥ ਅਜੋਨੀ ॥ ਅਮੋਨੀ ॥੧੯੪॥ ਨ ਰਾਗੇ ॥ ਨ ਰੰਗੇ ॥ ਨ ਰੂਪੇ ॥ ਨ ਰੇਖੇ ॥੧੯੫॥ ਅਕਰਮੰ ॥ ਅਭਰਮੰ ॥ ਅਗੰਜੇ ॥ ਅਲੇਖੇ ॥੧੯੬॥

ਭੁਜੰਗ ਪ੍ਰਯਾਤ ਛੰਦ ॥
ਨਮਸਤੁਲ ਪ੍ਰਣਾਮੇ ਸਮਸਤੁਲ ਪ੍ਰਣਾਸੇ ॥
ਅਗੰਜੁਲ ਅਨਾਮੇ ਸਮਸਤੁਲ ਨਿਵਾਸੇ ॥
ਨ੍ਰਿਕਾਮੰ ਬਿਭੂਤੇ ਸਮਸਤੁਲ ਸਰੂਪੇ ॥ਕੁਕਰਮੰ ਪ੍ਰਣਾਸੀ ਸੁਧਰਮੰ ਬਿਭੂਤੇ ॥੧੯੭॥ ਸਦਾ ਸੱਚਿਦਾਨੰਦ ਸੱਤ੍ਰੰ ਪ੍ਰਣਾਸੀ ॥ ਕਰੀਮੁਲ ਕੁਨਿੰਦਾ ਸਮਸਤੁਲ ਨਿਵਾਸੀ ॥ ਅਜਾਇਬ ਬਿਭੂਤੇ ਗਜਾਇਬ ਗਨੀਮੇ ॥ ਹਰੀਅੰ ਕਰੀਅੰ ਕਰੀਮੁਲ ਰਹੀਮੇ ॥੧੯੮॥
ਚੱਤ੍ਰ ਚੱਕ੍ਰ ਵਰਤੀ ਚੱਤ੍ਰ ਚੱਕ੍ਰ ਭੁਗਤੇ ॥
ਸੁਯੰਭਵ ਸੁਭੰ ਸਰਬਦਾ ਸਰਬ ਜੁਗਤੇ ॥
ਦੁਕਾਲੰ ਪ੍ਰਣਾਸੀ ਦਿਆਲੰ ਸਰੂਪੇ ॥ ਸਦਾ ਅੰਗਸੰਗੇ ਅਭੰਗੰ ਬਿਭੂਤੇ ॥੧੯੯॥

# ੧ੳ ਵਾਹਿਗੁਰੂ ਜੀ ਕੀ ਫਤਹ॥ ਪਾਤਿਸ਼ਾਹੀ ੧੦॥

## ਤ੍ਵ ਪ੍ਰਸਾਦਿ ਸਵੱਯੇ

ਸ੍ਰਾਵਗ ਸੁੱਧ ਸਮੂਹ ਸਿਧਾਨ ਕੇ ਦੇਖਿ ਫਿਰਿਓ ਘਰ ਜੋਗ ਜਤੀ ਕੇ ॥ ਸੂਰ ਸੁਰਾਰਦਨ ਸੁੱਧ ਸੁਧਾਦਿਕ ਸੰਤ ਸਮੂਹ ਅਨੇਕ ਮਤੀ ਕੇ ॥ ਸਾਰੇ ਹੀ ਦੇਸ ਕੋ ਦੇਖਿ ਰਹਿਓ ਮਤ ਕੋਊ ਨ ਦੇਖੀਅਤ ਪ੍ਰਾਨਪਤੀ ਕੇ ॥ ਸ੍ਰੀ ਭਗਵਾਨ ਕੀ ਭਾਇ ਕ੍ਰਿਪਾ ਹੂ ਤੇ ਏਕ ਰਤੀ ਬਿਨੁ ਏਕ ਰਤੀ ਕੇ ॥੧॥

ਮਾਤੇ ਮਤੰਗ ਜਰੇ ਜਰ ਸੰਗ ਅਨੂਪ ਉਤੰਗ ਸੁਰੰਗ ਸਵਾਰੇ ॥ ਕੋਟਿ ਤੁਰੰਗ ਕੁਰੰਗ ਸੇ ਕੂਦਤ ਪਉਨ ਕੇ ਗਉਨ ਕੋ ਜਾਤ ਨਿਵਾਰੇ ॥ ਭਾਰੀ ਭੁਜਾਨ ਕੇ ਭੂਪ ਭਲੀ ਬਿਧਿ ਨਿਆਵਤ ਸੀਸ ਨ ਜਾਤ ਬਿਚਾਰੇ ॥ ਏਤੇ ਭਏ ਤੁ ਕਹਾ ਭਏ ਭੂਪਤਿ ਅੰਤ ਕੋ ਨਾਂਗੇ ਹੀ ਪਾਂਇ ਪਧਾਰੇ ॥੨॥

ਜੀਤ ਫਿਰੇ ਸਭ ਦੇਸ ਦਿਸਾਨ ਕੋ ਬਾਜਤ ਢੋਲ ਮ੍ਰਿਦੰਗ ਨਗਾਰੇ ॥ ਗੁੰਜਤ ਗੂੜ ਗਜਾਨ ਕੇ ਸੁੰਦਰ ਹਿੰਸਤ ਹੀ ਹਯਰਾਜ ਹਜਾਰੇ ॥ ਭੂਤ ਭਵਿੱਖ ਭਵਾਨ ਕੇ ਭੂਪਤ ਕਉਨੁ ਗਨੈ ਨਹੀਂ ਜਾਤ ਬਿਚਾਰੇ ॥ ਸ੍ਰੀ ਪਤਿ ਸ੍ਰੀ ਭਗਵਾਨ ਭਜੇ ਬਿਨੁ ਅੰਤ ਕਉ ਅੰਤ ਕੇ ਧਾਮ ਸਿਧਾਰੇ ॥੩॥

ਤੀਰਥ ਨਾਨ ਦਇਆ ਦਮ ਦਾਨ ਸੁ ਸੰਜਮ ਨੇਮ ਅਨੇਕ ਬਿਸੇਖੈ ॥ ਬੇਦ ਪੁਰਾਨ ਕਤੇਬ ਕੁਰਾਨ ਜਮੀਨ ਜਮਾਨ ਸਬਾਨ ਕੇ ਪੇਖੈ ॥ ਪਉਨ ਅਹਾਰ ਜਤੀ ਜਤ ਧਾਰ ਸਬੈ ਸੁ ਬਿਚਾਰ ਹਜਾਰ ਕ ਦੇਖੈ ॥ ਸ੍ਰੀ ਭਗਵਾਨ ਭਜੇ ਬਿਨੁ ਭੂਪਤਿ ਏਕ ਰਤੀ ਬਿਨੁ ਏਕ ਨ ਲੇਖੈ ॥੪॥

ਸੁੱਧ ਸਿਪਾਹ ਦੁਰੰਤ ਦੁਬਾਹ ਸੁ ਸਾਜਿ ਸਨਾਹ ਦੁਰਜਾਨ ਦਲੈਂਗੇ ॥ ਭਾਰੀ ਗੁਮਾਨ ਭਰੇ ਮਨ ਮੈਂ ਕਰ ਪਰਬਤ ਪੰਖ ਹਲੇ ਨ ਹਲੈਂਗੇ ॥ ਤੋਰਿ ਅਰੀਨ ਮਰੋਰਿ ਮਵਾਸਨ ਮਾਤੇ ਮਤੰਗਨ ਮਾਨ ਮਲੈਂਗੇ ॥ ਸ੍ਰੀ ਪਤਿ ਸ੍ਰੀ ਭਗਵਾਨ ਕ੍ਰਿਪਾ ਬਿਨੁ ਤਿਆਗਿ ਜਹਾਨ ਨਿਦਾਨ ਚਲੈਂਗੇ ॥੫॥

ਬੀਰ ਅਪਾਰ ਬਡੇ ਬਰਿਆਰ ਅਬਿਚਾਰਹਿ ਸਾਰ ਕੀ ਧਾਰ ਭਛੱਯਾ ॥ ਤੋਰਤ ਦੇਸ ਮਲਿੰਦ ਮਵਾਸਨ ਮਾਤੇ ਗਜਾਨ ਕੇ ਮਾਨ ਮਲੱਯਾ ॥ ਗਾੜ੍ਹੇ ਗੜ੍ਹਾਨ ਕੇ ਤੋੜਨ ਹਾਰ ਸੁ ਬਾਤਨ ਹੀਂ

ਚਕ ਚਾਰ ਲਵੱਯਾ ॥ ਸਾਹਿਬ ਸ੍ਰੀ ਸਭ ਕੋ ਸਿਰਨਾਇਕ ਜਾਚਕ ਅਨੇਕ ਸੁ ਏਕ ਦਿਵੱਯਾ ॥੬॥

ਦਾਨਵ ਦੇਵ ਫਨਿੰਦ ਨਿਸਾਚਰ ਭੂਤ ਭਵਿਖ ਭਵਾਨ ਜਪੈਂਗੇ ॥ ਜੀਵ ਜਿਤੇ ਜਲ ਮੈ ਥਲ ਮੈ ਪਲ ਹੀ ਪਲ ਮੈ ਸਭ ਥਾਪ ਥਪੈਂਗੇ ॥ ਪੁੰਨ ਪ੍ਰਤਾਪਨ ਬਾਢ ਜੈਤ ਧੁਨ ਪਾਪਨ ਕੇ ਬਹੁ ਪੁੰਜ ਖਪੈਂਗੇ ॥ਸਾਧ ਸਮੂਹ ਪ੍ਰਸੰਨ ਫਿਰੈਂ ਜਗ ਸੱਤ੍ਰ ਸਭੈ ਅਵਲੋਕ ਚਪੈਂਗੇ ॥੭॥

ਮਾਨਵ ਇੰਦ੍ਰ ਗਜਿੰਦ੍ਰ ਨਰਾਧਪ ਜੌਨ ਤ੍ਰਿਲੋਕ ਕੋ ਰਾਜ ਕਰੈਂਗੇ ॥ ਕੋਟਿ ਇਸ਼ਨਾਨ ਗਜਾਦਿਕ ਦਾਨ ਅਨੇਕ ਸੁਅੰਬਰ ਸਾਜ ਬਰੈਂਗੇ ॥ ਬ੍ਰਹਮ ਮਹੇਸਰ ਬਿਸਨ ਸਚੀਪਤਿ ਅੰਤ ਫਸੇ ਜਮ ਫਾਸ ਪਰੈਂਗੇ ॥ ਜੇ ਨਰ ਸ੍ਰੀਪਤਿ ਕੇ ਪ੍ਰਸ ਹੈਂ ਪਗ ਤੇ ਨਰ ਫੇਰ ਨ ਦੇਹ ਧਰੈਂਗੇ ॥੮॥

ਕਹਾ ਭਯੋ ਜੋ ਦੋਊ ਲੋਚਨ ਮੂੰਦ ਕੈ ਬੈਠਿ ਰੋਹਓ ਬਕ ਧਿਆਨ ਲਗਾਇਓ ॥ ਨ੍ਹਾਤ ਫਿਰਿਓ ਲੀਏ ਸਾਤ ਸਮੁੰਦ੍ਰਨ ਲੋਕ ਗਯੋ ਪਰਲੋਕ ਗਵਾਇਓ ॥ ਬਾਸੁ ਕੀਓ ਬਿਖਿਆਨ ਸੋਂ ਬੈਠ ਕੈ ਐਸੇ ਹੀ ਐਸ ਸੁ ਬੈਸ ਬਿਤਾਇਓ ॥ ਸਾਚੁ ਕਹੋਂ ਸੁਨ ਲੇਹੁ ਸਭੈ ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭ ਪਾਇਓ ॥੯॥

ਕਾਹੂ ਲੈ ਪਾਹਨ ਪੂਜ ਧਰਯੋ ਸਿਰ ਕਾਹੂ ਲੈ ਲਿੰਗੁ ਗਰੇ ਲਟਕਾਇਓ ॥ ਕਾਹੂ ਲਖਿਓ ਹਰਿ ਅਵਾਚੀ ਦਿਸਾ ਮਹਿ ਕਾਹੂ ਪਛਾਹ ਕੋ ਸੀਸੁ ਨਿਵਾਇਓ ॥ ਕੋਊ ਬੁਤਾਨ ਕੋ ਪੂਜਤ ਹੈ ਪਸੁ ਕੋਊ ਮ੍ਰਿਤਾਨ ਕੋ ਪੂਜਨ ਧਾਇਓ ॥ ਕੂਰ ਕ੍ਰਿਆ ਉਰਝਿਓ ਸਭਹੀ ਜਗ ਸ੍ਰੀ ਭਗਵਾਨ ਕੋ ਭੇਦੁ ਨ ਪਾਇਓ ॥੧੦॥

## ੴ ਵਾਹਿਗੁਰੂ ਜੀ ਕੀ ਫਤਹ ॥ ਪਾਤਿਸ਼ਾਹੀ ੧੦॥ ਕਬਿਯੋਬਾਚ ਬੇਨਤੀ ॥ ਚੌਪਈ ॥

ਹਮਰੀ ਕਰੋ ਹਾਥ ਦੈ ਰੱਛਾ ॥ ਪੂਰਨ ਹੋਇ ਚਿੱਤ ਕੀ ਇੱਛਾ ॥ਤਵ ਚਰਨਨ ਮਨ ਰਹੈ ਹਮਾਰਾ ॥ ਅਪਨਾ ਜਾਨ ਕਰੋ ਪ੍ਰਤਿਪਾਰਾ ॥੧॥

ਹਮਰੇ ਦੁਸਟ ਸਭੈ ਤੁਮ ਘਾਵਹੁ ॥ ਆਪੁ ਹਾਥ ਦੈ ਮੋਹਿ ਬਚਾਵਹੁ ॥ ਸੁਖੀ ਬਸੈ ਮੋਰੋ ਪਰਿਵਾਰਾ ॥ ਸੇਵਕ ਸਿੱਖ ਸਭੈ ਕਰਤਾਰਾ ॥੨॥

ਮੋ ਰੱਛਾ ਨਿਜੁ ਕਰ ਦੈ ਕਰਿਯੈ ॥ ਸਭ ਬੈਰਿਨ ਕੋ ਆਜ ਸੰਘਰਿਯੈ ॥ ਪੂਰਨ ਹੋਇ ਹਮਾਰੀ ਆਸਾ ॥ ਤੋਰ ਭਜਨ ਕੀ ਰਹੈ ਪਿਆਸਾ ॥੩॥

ਤੁਮਹਿ ਛਾਡਿ ਕੋਈ ਅਵਰ ਨ ਧਿਯਾਊਂ ॥ ਜੋ ਬਰ ਚਾਹੋਂ ਸੁ ਤੁਮ ਤੇ ਪਾਊਂ ॥ ਸੇਵਕ ਸਿੱਖ ਹਮਾਰੇ ਤਾਰੀਅਹਿ ॥ ਚੁਨਿ ਚੁਨਿ ਸਤ੍ਰੁ ਹਮਾਰੇ ਮਾਰੀਅਹਿ ॥੪॥

ਆਪ ਹਾਥ ਦੈ ਮੁਝੈ ਉਬਰਿਯੈ ॥ ਮਰਨ ਕਾਲ ਕਾ ਤ੍ਰਾਸ ਨਿਵਰਿਯੈ ॥ ਹੂਜੋ ਸਦਾ ਹਮਾਰੇ ਪੱਛਾ ॥ ਸ੍ਰੀ ਅਸਿਧੁਜ ਜੂ ਕਰਿਯਹੁ ਰੱਛਾ ॥੫॥

ਰਾਖਿ ਲੇਹੁ ਮੁਹਿ ਰਾਖਨਹਾਰੇ ॥ ਸਾਹਿਬ ਸੰਤ ਸਹਾਇ ਪਿਯਾਰੇ ॥ ਦੀਨ ਬੰਧੁ ਦੁਸਟਨ ਕੇ ਹੰਤਾ ॥ ਤੁਮਹੋ ਪੁਰੀ ਚਤੁਰ ਦਸ ਕੰਤਾ ॥੬॥

ਕਾਲ ਪਾਇ ਬ੍ਰਹਮਾ ਬਪੁ ਧਰਾ ॥ ਕਾਲ ਪਾਇ ਸਿਵਜੂ ਅਵਤਰਾ ॥ ਕਾਲ ਪਾਇ ਕਰਿ ਬਿਸਨੁ ਪ੍ਰਕਾਸਾ ॥ ਸਕਲ ਕਾਲ ਕਾ ਕੀਆ ਤਮਾਸਾ ॥੭॥

ਜਵਨ ਕਾਲ ਜੋਗੀ ਸਿਵ ਕੀਓ ॥ ਬੇਦ ਰਾਜ ਬ੍ਰਹਮਾ ਜੂ ਥੀਓ ॥ ਜਵਨ ਕਾਲ ਸਭ ਲੋਕ ਸਵਾਰਾ ॥ ਨਮਸਕਾਰ ਹੈ ਤਾਹਿ ਹਮਾਰਾ ॥੮॥

ਜਵਨ ਕਾਲ ਸਭ ਜਗਤ ਬਨਾਯੋ ॥ ਦੇਵ ਦੈਤ ਜੱਛਨ ਉਪਜਾਯੋ ॥ ਆਦਿ ਅੰਤਿ ਏਕੈ ਅਵਤਾਰਾ ॥ ਸੋਈ ਗੁਰੂ ਸਮਝਿਯਹੁ ਹਮਾਰਾ ॥੯॥

ਨਮਸਕਾਰ ਤਿਸ ਹੀ ਕੋ ਹਮਾਰੀ ॥ ਸਕਲ ਪ੍ਰਜਾ ਜਿਨ ਆਪ ਸਵਾਰੀ ॥ ਸਿਵਕਨ ਕੋ ਸਿਵਗੁਨ ਸੁਖ ਦੀਯੋ ॥ ਸੱਤ੍ਰੁਨ ਕੋ ਪਲ ਮੋ ਬਧ ਕੀਯੋ ॥੧੦॥

ਘਟ ਘਟ ਕੇ ਅੰਤਰ ਕੀ ਜਾਨਤ ॥ ਭਲੇ ਬੁਰੇ ਕੀ ਪੀਰ ਪਛਾਨਤ ॥ ਚੀਟੀ ਤੇ ਕੁੰਚਰ ਅਸਥੂਲਾ ॥ ਸਭ ਪਰ ਕ੍ਰਿਪਾ ਦ੍ਰਿਸਟਿ ਕਰਿ ਫੂਲਾ ॥੧੧॥

ਸੰਤਨ ਦੁਖ ਪਾਏ ਤੇ ਦੁਖੀ ॥ ਸੁਖ ਪਾਏ ਸਾਧਨ ਕੇ ਸੁਖੀ ॥ ਏਕ ਏਕ ਕੀ ਪੀਰ ਪਛਾਨੈਂ ॥ ਘਟ ਘਟ ਕੇ ਪਟ ਪਟ ਕੀ ਜਾਨੈਂ ॥੧੨॥

ਜਬ ਉਦਕਰਖ ਕਰਾ ਕਰਤਾਰਾ ॥ ਪ੍ਰਜਾ ਧਰਤ ਤਬ ਦੇਹ ਅਪਾਰਾ ॥ ਜਬ ਆਕਰਖ ਕਰਤ ਹੋ ਕਬਹੂੰ ॥ ਤੁਮ ਮੈ ਮਿਲਤ ਦੇਹ ਧਰ ਸਭਹੂੰ ॥੧੩॥

ਜੇਤੇ ਬਦਨ ਸ੍ਰਿਸਟਿ ਸਭ ਧਾਰੈ ॥ ਆਪੁ ਆਪਨੀ ਬੂਝ ਉਚਾਰੈ ॥ ਤੁਮ ਸਭਹੀ ਤੇ ਰਹਤ ਨਿਰਾਲਮ ॥ ਜਾਨਤ ਬੇਦ ਭੇਦ ਅਰ ਆਲਮ ॥੧੪॥

ਨਿਰੰਕਾਰ ਨ੍ਰਿਬਿਕਾਰ ਨਿਰਲੰਭ ॥ ਆਦਿ ਅਨੀਲ ਅਨਾਦਿ ਅਸੰਭ ॥ ਤਾ ਕਾ ਮੂੜ੍ਹ ਉਚਾਰਤ ਭੇਦਾ ॥ ਜਾਕੌ ਭੇਵ ਨ ਪਾਵਤ ਬੇਦਾ ॥੧੫॥

ਤਾਕੌ ਕਰਿ ਪਾਹਨ ਅਨੁਮਾਨਤ ॥ ਮਹਾਂ ਮੂੜ੍ਹ ਕਛੁ ਭੇਦ ਨ ਜਾਨਤ ॥ ਮਹਾਦੇਵ ਕੌ ਕਹਤ ਸਦਾ ਸਿਵ ॥ ਨਿਰੰਕਾਰ ਕਾ ਚੀਨਤ ਨਹਿ ਭਿਵ ॥੧੬॥

ਆਪੁ ਆਪੁਨੀ ਬੁਧਿ ਹੈ ਜੇਤੀ ॥ ਬਰਨਤ ਭਿੰਨ ਭਿੰਨ ਤੁਹਿ ਤੇਤੀ ॥ ਤੁਮਰਾ ਲਖਾ ਨ ਜਾਇ ਪਸਾਰਾ ॥ ਕਿਹ ਬਿਧਿ ਸਜਾ ਪ੍ਰਥਮ ਸੰਸਾਰਾ ॥੧੭॥

ਏਕੈ ਰੂਪ ਅਨੂਪ ਸਰੂਪਾ ॥ ਰੰਕ ਭਯੋ ਰਾਵ ਕਹੀ ਭੂਪਾ ॥ ਅੰਡਜ ਜੇਰਜ ਸੇਤਜ ਕੀਨੀ ॥ ਉਤਭੁਜ ਖਾਨਿ ਬਹੁਰ ਰਚਿ ਦੀਨੀ ॥੧੮॥

ਕਹੂੰ ਫੂਲਿ ਰਾਜਾ ਹ੍ਵੈ ਬੈਠਾ ॥ ਕਹੂੰ ਸਿਮਟਿ ਭਯੋ ਸੰਕਰ ਇਕੈਠਾ ॥ ਸਗਰੀ ਸ੍ਰਿਸਟਿ ਦਿਖਾਇ ਅਚੰਭਵ ॥ ਆਦਿ ਜੁਗਾਦਿ ਸਰੂਪ ਸੁਯੰਭਵ ॥੧੯॥

ਅਬ ਰੱਛਾ ਮੇਰੀ ਤੁਮ ਕਰੋ ॥ ਸਿੱਖ ਉਬਾਰਿ ਅਸਿੱਖ ਸੰਘਰੋ ॥ ਦੁਸ਼ਟ ਜਿਤੇ ਉਠਵਤ ਉਤਪਾਤਾ ॥ ਸਕਲ ਮਲੇਛ ਕਰੋ ਰਣ ਘਾਤਾ ॥੨੦॥

ਜੇ ਅਸਿਧੁਜ ਤਵ ਸਰਨੀ ਪਰੇ ॥ ਤਿਨ ਕੇ ਦੁਸ਼ਟ ਦੁਖਿਤ ਹ੍ਵੈ ਮਰੇ ॥ ਪੁਰਖ

ਜਵਨ ਪਗ ਪਰੇ ਤਿਹਾਰੇ ॥ ਤਿਨਕੇ ਤੁਮ ਸੰਕਟ ਸਭ ਟਾਰੇ ॥੨੧॥

ਜੋ ਕਲਿ ਕੋ ਇਕ ਬਾਰ ਧਿਐ ਹੈ ॥ ਤਾਕੇ ਕਾਲ ਨਿਕਟਿ ਨਹਿ ਐਹੈ ॥ ਰੱਛਾ ਹੋਇ ਤਾਹਿ ਸਭ ਕਾਲਾ ॥ ਦੁਸ਼ਟ ਅਰਿਸਟ ਟਰੇਂ ਤਤਕਾਲਾ ॥੨੨॥

ਕ੍ਰਿਪਾ ਦ੍ਰਿਸਟਿ ਤਨ ਜਾਹਿ ਨਿਹਰਿਹੋ ॥ ਤਾ ਕੇ ਤਾਪ ਤਨਕ ਮੋ ਹਰਿਹੋ ॥ ਰਿੱਧਿ ਸਿੱਧਿ ਘਰ ਮੋ ਸਭ ਹੋਈ ॥ ਦੁਸ਼ਟ ਛਾਹ ਛ੍ਵੈ ਸਕੈ ਨ ਕੋਈ ॥੨੩॥

ਏਕ ਬਾਰ ਜਿਨ ਤੁਮੈ ਸੰਭਾਰਾ ॥ ਕਾਲ ਫਾਸ ਤੇ ਤਾਹਿ ਉਬਾਰਾ ॥ ਜਿਨ ਨਰ ਨਾਮ ਤਿਹਾਰੋ ਕਹਾ ॥ ਦਾਰਿਦ ਦੁਸਟ ਦੋਖ ਤੇ ਰਹਾ ॥੨੪॥

ਖੜਗ ਕੇਤ ਮੈ ਸਰਣਿ ਤਿਹਾਰੀ ॥ ਆਪ ਹਾਥ ਦੈ ਲੇਹੁ ਉਬਾਰੀ ॥ ਸਰਬ ਠੌਰ ਮੋ ਹੋਹੁ ਸਹਾਈ ॥ ਦੁਸਟ ਦੋਖ ਤੇ ਲੇਹੁ ਬਚਾਈ ॥੨੫॥

ਸ੍ਵੈਯਾ ॥

ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀਂ ਆਨਜੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਜੋ ॥ ਸਿੰਮ੍ਰਿਤ ਸਾਸਤ੍ਰ ਬੇਦ ਸਭੈ ਬਹੁ ਭੇਦ ਕਹੈਂ ਹਮ ਏਕ ਨ ਜਾਨਜੋ ॥ ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹਜੋ ਸਭ ਤੋਹਿ ਬਖਾਨਜੋ ॥

ਦੋਹਰਾ ॥

ਸਗਲ ਦੁਆਰ ਕਉ ਛਾਡਿਕੈ ਗਹਿਓ ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥

## ਅਨੰਦੁ ਸਾਹਿਬ

## ਰਾਮਕਲੀ ਮਹਲਾ ੩ ਅਨੰਦੁ
## ੴ ਸਤਿਗੁਰ ਪ੍ਰਸਾਦਿ ॥

ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ ॥ ਸਤਿਗੁਰੁ ਤ ਪਾਇਆ ਸਹਜ ਸੇਤੀ ਮਨਿ ਵਜੀਆ ਵਾਧਾਈਆ ॥ ਰਾਗ ਰਤਨ ਪਰਵਾਰ ਪਰੀਆ ਸਬਦ ਗਾਵਣ ਆਈਆ ॥ ਸਬਦੋ ਤ ਗਾਵਹੁ ਹਰੀ ਕੇਰਾ ਮਨਿ ਜਿਨੀ ਵਸਾਇਆ ॥ ਕਹੈ ਨਾਨਕੁ ਅਨੰਦੁ ਹੋਆ ਸਤਿਗੁਰੂ ਮੈ ਪਾਇਆ ॥੧॥

ਏ ਮਨ ਮੇਰਿਆ ਤੂ ਸਦਾ ਰਹੁ ਹਰਿ ਨਾਲੇ ॥ ਹਰਿ ਨਾਲਿ ਰਹੁ ਤੂ ਮੰਨ ਮੇਰੇ ਦੂਖ ਸਭਿ ਵਿਸਾਰਣਾ ॥ ਅੰਗੀਕਾਰੁ ਓਹੁ ਕਰੇ ਤੇਰਾ ਕਾਰਜ ਸਭਿ ਸਵਾਰਣਾ ॥ ਸਭਨਾ ਗਲਾ ਸਮਰਥੁ ਸੁਆਮੀ ਸੋ ਕਿਉ ਮਨਹੁ ਵਿਸਾਰੇ ॥ ਕਹੈ ਨਾਨਕੁ ਮੰਨ ਮੇਰੇ ਸਦਾ ਰਹੁ ਹਰਿ ਨਾਲੇ ॥੨॥

ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ ॥ ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ ॥ ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ ॥ ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ ॥ ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ ॥੩॥

ਸਾਚਾ ਨਾਮੁ ਮੇਰਾ ਆਧਾਰੋ ॥ ਸਾਚੁ ਨਾਮੁ ਅਧਾਰੁ ਮੇਰਾ ਜਿਨਿ ਭੁਖਾ ਸਭਿ ਗਵਾਈਆ ॥ ਕਰਿ ਸਾਂਤਿ ਸੁਖ ਮਨਿ ਆਇ ਵਸਿਆ ਜਿਨਿ ਇਛਾ ਸਭਿ ਪੁਜਾਈਆ ॥ ਸਦਾ ਕੁਰਬਾਣੁ ਕੀਤਾ ਗੁਰੂ ਵਿਟਹੁ ਜਿਸ ਦੀਆ ਏਹਿ ਵਡਿਆਈਆ ॥ ਕਹੈ ਨਾਨਕੁ ਸੁਣਹੁ ਸੰਤਹੁ ਸਬਦਿ ਧਰਹੁ ਪਿਆਰੋ ॥ ਸਾਚਾ ਨਾਮੁ ਮੇਰਾ ਆਧਾਰੋ ॥੪॥

ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ ॥ ਘਰਿ ਸਭਾਗੈ ਸਬਦ ਵਾਜੇ ਕਲਾ ਜਿਤੁ ਘਰਿ ਧਾਰੀਆ ॥ ਪੰਚ ਦੂਤ ਤੁਧੁ ਵਸਿ ਕੀਤੇ ਕਾਲੁ ਕੰਟਕੁ ਮਾਰਿਆ ॥ ਧੁਰਿ ਕਰਮਿ ਪਾਇਆ ਤੁਧੁ ਜਿਨ ਕਉ ਸਿ ਨਾਮਿ ਹਰਿ ਕੈ ਲਾਗੇ ॥ ਕਹੈ ਨਾਨਕੁ ਤਹ ਸੁਖੁ ਹੋਆ ਤਿਤੁ ਘਰਿ ਅਨਹਦ ਵਾਜੇ ॥੫॥

ਸਾਚੀ ਲਿਵੈ ਬਿਨੁ ਦੇਹ ਨਿਮਾਣੀ ॥ ਦੇਹ ਨਿਮਾਣੀ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ ॥ ਤੁਧੁ ਬਾਝੁ ਸਮਰਥ ਕੋਇ ਨਾਹੀ ਕ੍ਰਿਪਾ ਕਰਿ ਬਨਵਾਰੀਆ ॥ ਏਸ

ਨਉ ਹੋਰੁ ਥਾਉ ਨਾਹੀ ਸਬਦਿ ਲਾਗਿ ਸਵਾਰੀਆ ॥ ਕਹੈ ਨਾਨਕੁ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ ॥੬॥

ਆਨੰਦੁ ਆਨੰਦੁ ਸਭੁ ਕੋ ਕਹੈ ਆਨੰਦੁ ਗੁਰੂ ਤੇ ਜਾਣਿਆ ॥ ਜਾਣਿਆ ਆਨੰਦੁ ਸਦਾ ਗੁਰ ਤੇ ਕ੍ਰਿਪਾ ਕਰੇ ਪਿਆਰਿਆ ॥ ਕਰਿ ਕਿਰਪਾ ਕਿਲਵਿਖ ਕਟੇ ਗਿਆਨ ਅੰਜਨੁ ਸਾਰਿਆ ॥ ਅੰਦਰਹੁ ਜਿਨ ਕਾ ਮੋਹੁ ਤੁਟਾ ਤਿਨ ਕਾ ਸਬਦੁ ਸਚੈ ਸਵਾਰਿਆ ॥ ਕਹੈ ਨਾਨਕੁ ਏਹੁ ਅਨੰਦੁ ਹੈ ਆਨੰਦੁ ਗੁਰ ਤੇ ਜਾਣਿਆ ॥੭॥

ਬਾਬਾ ਜਿਸੁ ਤੂ ਦੇਹਿ ਸੋਈ ਜਨੁ ਪਾਵੈ ॥ ਪਾਵੈ ਤ ਸੋ ਜਨੁ ਦੇਹਿ ਜਿਸ ਨੋ ਹੋਰਿ ਕਿਆ ਕਰਹਿ ਵੇਚਾਰਿਆ ॥ ਇਕਿ ਭਰਮਿ ਭੂਲੇ ਫਿਰਹਿ ਦਹ ਦਿਸਿ ਇਕਿ ਨਾਮਿ ਲਾਗਿ ਸਵਾਰਿਆ ॥ ਗੁਰ ਪਰਸਾਦੀ ਮਨੁ ਭਇਆ ਨਿਰਮਲੁ ਜਿਨਾ ਭਾਣਾ ਭਾਵਏ ॥ ਕਹੈ ਨਾਨਕੁ ਜਿਸੁ ਦੇਹਿ ਪਿਆਰੇ ਸੋਈ ਜਨੁ ਪਾਵਏ ॥੮॥

ਆਵਹੁ ਸੰਤ ਪਿਆਰਿਹੋ ਅਕਥ ਕੀ ਕਰਹ ਕਹਾਣੀ ॥ ਕਰਹ ਕਹਾਣੀ ਅਕਥ ਕੇਰੀ ਕਿਤੁ ਦੁਆਰੈ ਪਾਈਐ ॥ ਤਨੁ ਮਨੁ ਧਨੁ ਸਭੁ ਸਉਪਿ ਗੁਰ ਕਉ ਹੁਕਮਿ ਮੰਨਿਐ ਪਾਈਐ ॥ ਹੁਕਮੁ ਮੰਨਿਹੁ ਗੁਰੂ ਕੇਰਾ ਗਾਵਹੁ ਸਚੀ ਬਾਣੀ ॥ ਕਹੈ ਨਾਨਕੁ ਸੁਣਹੁ ਸੰਤਹੁ ਕਥਿਹੁ ਅਕਥ ਕਹਾਣੀ ॥੯॥

ਏ ਮਨ ਚੰਚਲਾ ਚਤੁਰਾਈ ਕਿਨੈ ਨ ਪਾਇਆ ॥ ਚਤੁਰਾਈ ਨ ਪਾਇਆ ਕਿਨੈ ਤੂ ਸੁਣਿ ਮੰਨ ਮੇਰਿਆ ॥ ਏਹ ਮਾਇਆ ਮੋਹਣੀ ਜਿਨਿ ਏਤੁ ਭਰਮਿ ਭੁਲਾਇਆ ॥ ਮਾਇਆ ਤ ਮੋਹਣੀ ਤਿਨੈ ਕੀਤੀ ਜਿਨਿ ਠਗਉਲੀ ਪਾਈਆ ॥ ਕੁਰਬਾਣੁ ਕੀਤਾ ਤਿਸੈ ਵਿਟਹੁ ਜਿਨਿ ਮੋਹੁ ਮੀਠਾ ਲਾਇਆ ॥ ਕਹੈ ਨਾਨਕੁ ਮਨ ਚੰਚਲ ਚਤੁਰਾਈ ਕਿਨੈ ਨ ਪਾਇਆ ॥੧੦॥

ਏ ਮਨ ਪਿਆਰਿਆ ਤੂ ਸਦਾ ਸਚੁ ਸਮਾਲੇ ॥ ਏਹੁ ਕੁਟੰਬੁ ਤੂ ਜਿ ਦੇਖਦਾ ਚਲੈ ਨਾਹੀ ਤੇਰੈ ਨਾਲੇ ॥ ਸਾਥਿ ਤੇਰੈ ਚਲੈ ਨਾਹੀ ਤਿਸੁ ਨਾਲਿ ਕਿਉ ਚਿਤੁ ਲਾਈਐ ॥ ਐਸਾ ਕੰਮੁ ਮੂਲੇ ਨ ਕੀਚੈ ਜਿਤੁ ਅੰਤਿ ਪਛੋਤਾਈਐ ॥ ਸਤਿਗੁਰੂ ਕਾ ਉਪਦੇਸੁ ਸੁਣਿ ਤੂ ਹੋਵੈ ਤੇਰੈ ਨਾਲੇ ॥ ਕਹੈ ਨਾਨਕੁ ਮਨ ਪਿਆਰੇ ਤੂ ਸਦਾ ਸਚੁ ਸਮਾਲੇ ॥੧੧॥

ਅਗਮ ਅਗੋਚਰਾ ਤੇਰਾ ਅੰਤੁ ਨ ਪਾਇਆ ॥ ਅੰਤੋ ਨ ਪਾਇਆ ਕਿਨੈ ਤੇਰਾ ਆਪਣਾ ਆਪੁ ਤੂ ਜਾਣਹੇ ॥ ਜੀਅ ਜੰਤ ਸਭਿ ਖੇਲੁ ਤੇਰਾ ਕਿਆ ਕੋ ਆਖਿ ਵਖਾਣਏ ॥ ਆਖਹਿ ਤ ਵੇਖਹਿ ਸਭੁ ਤੂਹੈ ਜਿਨਿ ਜਗਤੁ ਉਪਾਇਆ ॥ ਕਹੈ ਨਾਨਕੁ ਤੂ ਸਦਾ ਅਗੰਮੁ ਹੈ ਤੇਰਾ ਅੰਤੁ ਨ ਪਾਇਆ ॥੧੨॥

ਸੁਰਿ ਨਰ ਮੁਨਿ ਜਨ ਅੰਮ੍ਰਿਤੁ ਖੋਜਦੇ ਸੁ ਅੰਮ੍ਰਿਤੁ ਗੁਰ ਤੇ ਪਾਇਆ ॥ ਪਾਇਆ ਅੰਮ੍ਰਿਤੁ ਗੁਰਿ ਕ੍ਰਿਪਾ ਕੀਨੀ ਸਚਾ ਮਨਿ ਵਸਾਇਆ ॥ ਜੀਅ ਜੰਤ ਸਭਿ ਤੁਧੁ ਉਪਾਏ ਇਕਿ ਵੇਖਿ ਪਰਸਣਿ ਆਇਆ ॥ ਲਬੁ ਲੋਭੁ ਅਹੰਕਾਰੁ ਚੂਕਾ ਸਤਿਗੁਰੂ ਭਲਾ ਭਾਇਆ ॥ ਕਹੈ ਨਾਨਕੁ ਜਿਸ ਨੋ ਆਪਿ ਤੁਠਾ ਤਿਨਿ ਅੰਮ੍ਰਿਤੁ ਗੁਰ ਤੇ ਪਾਇਆ ॥੧੩॥

ਭਗਤਾ ਕੀ ਚਾਲ ਨਿਰਾਲੀ ॥ ਚਾਲਾ ਨਿਰਾਲੀ ਭਗਤਾਹ ਕੇਰੀ ਬਿਖਮ ਮਾਰਗਿ ਚਲਣਾ ॥ ਲਬੁ ਲੋਭੁ ਅਹੰਕਾਰੁ ਤਜਿ ਤ੍ਰਿਸਨਾ ਬਹੁਤੁ ਨਾਹੀ ਬੋਲਣਾ ॥ ਖੰਨਿਅਹੁ ਤਿਖੀ ਵਾਲਹੁ ਨਿਕੀ ਏਤੁ ਮਾਰਗਿ ਜਾਣਾ ॥ ਗੁਰ ਪਰਸਾਦੀ ਜਿਨੀ ਆਪੁ ਤਜਿਆ ਹਰਿ ਵਾਸਨਾ ਸਮਾਣੀ ॥ ਕਹੈ ਨਾਨਕੁ ਚਾਲ ਭਗਤਾ ਜੁਗਹੁ ਜੁਗੁ ਨਿਰਾਲੀ ॥੧੪॥

ਜਿਉ ਤੂ ਚਲਾਇਹਿ ਤਿਵ ਚਲਹ ਸੁਆਮੀ ਹੋਰੁ ਕਿਆ ਜਾਣਾ ਗੁਣ ਤੇਰੇ ॥ ਜਿਵ ਤੂ ਚਲਾਇਹਿ ਤਿਵੈ ਚਲਹ ਜਿਨਾ ਮਾਰਗਿ ਪਾਵਹੇ ॥ ਕਰਿ ਕਿਰਪਾ ਜਿਨ ਨਾਮਿ ਲਾਇਹਿ ਸਿ ਹਰਿ ਹਰਿ ਸਦਾ ਧਿਆਵਹੇ ॥ ਜਿਸ ਨੋ ਕਥਾ ਸੁਣਾਇਹਿ ਆਪਣੀ ਸਿ ਗੁਰਦੁਆਰੈ ਸੁਖੁ ਪਾਵਹੇ ॥ ਕਹੈ ਨਾਨਕੁ ਸਚੇ ਸਾਹਿਬ ਜਿਉ ਭਾਵੈ ਤਿਵੈ ਚਲਾਵਹੇ ॥੧੫॥

ਏਹੁ ਸੋਹਿਲਾ ਸਬਦੁ ਸੁਹਾਵਾ ॥ ਸਬਦੋ ਸੁਹਾਵਾ ਸਦਾ ਸੋਹਿਲਾ ਸਤਿਗੁਰੂ ਸੁਣਾਇਆ ॥ ਏਹੁ ਤਿਨ ਕੈ ਮੰਨਿ ਵਸਿਆ ਜਿਨ ਧੁਰਹੁ ਲਿਖਿਆ ਆਇਆ ॥ ਇਕਿ ਫਿਰਹਿ ਘਨੇਰੇ ਕਰਹਿ ਗਲਾ ਗਲੀ ਕਿਨੈ ਨ ਪਾਇਆ ॥ ਕਹੈ ਨਾਨਕੁ ਸਬਦੁ ਸੋਹਿਲਾ ਸਤਿਗੁਰੂ ਸੁਣਾਇਆ ॥੧੬॥

ਪਵਿਤੁ ਹੋਏ ਸੇ ਜਨਾ ਜਿਨੀ ਹਰਿ ਧਿਆਇਆ ॥ ਹਰਿ ਧਿਆਇਆ ਪਵਿਤੁ ਹੋਏ ਗੁਰਮੁਖਿ ਜਿਨੀ ਧਿਆਇਆ ॥ ਪਵਿਤੁ ਮਾਤਾ ਪਿਤਾ ਕੁਟੰਬ ਸਹਿਤ ਸਿਉ ਪਵਿਤੁ ਸੰਗਤਿ

ਸਬਾਈਆ ॥ ਕਹਦੇ ਪਵਿਤੁ ਸੁਣਦੇ ਪਵਿਤੁ ਸੇ ਪਵਿਤੁ ਜਿਨੀ ਮੰਨਿ ਵਸਾਇਆ ॥ ਕਹੈ ਨਾਨਕੁ ਸੇ ਪਵਿਤੁ ਜਿਨੀ ਗੁਰਮੁਖਿ ਹਰਿ ਹਰਿ ਧਿਆਇਆ ॥੧੭॥

ਕਰਮੀ ਸਹਜੁ ਨ ਊਪਜੈ ਵਿਣੁ ਸਹਜੈ ਸਹਸਾ ਨ ਜਾਇ ॥ ਨਹ ਜਾਇ ਸਹਸਾ ਕਿਤੈ ਸੰਜਮਿ ਰਹੇ ਕਰਮ ਕਮਾਏ ॥ ਸਹਸੈ ਜੀਉ ਮਲੀਣੁ ਹੈ ਕਿਤੁ ਸੰਜਮਿ ਧੋਤਾ ਜਾਏ ॥ ਮੰਨੁ ਧੋਵਹੁ ਸਬਦਿ ਲਾਗਹੁ ਹਰਿ ਸਿਉ ਰਹਹੁ ਚਿਤੁ ਲਾਇ ॥ ਕਹੈ ਨਾਨਕੁ ਗੁਰ ਪਰਸਾਦੀ ਸਹਜੁ ਉਪਜੈ ਇਹੁ ਸਹਸਾ ਇਵ ਜਾਇ ॥੧੮॥

ਜੀਅਹੁ ਮੈਲੇ ਬਾਹਰਹੁ ਨਿਰਮਲ ॥ ਬਾਹਰਹੁ ਨਿਰਮਲ ਜੀਅਹੁ ਤ ਮੈਲੇ ਤਿਨੀ ਜਨਮੁ ਜੂਐ ਹਾਰਿਆ ॥ ਏਹ ਤਿਸਨਾ ਵਡਾ ਰੋਗੁ ਲਗਾ ਮਰਣੁ ਮਨਹੁ ਵਿਸਾਰਿਆ ॥ ਵੇਦਾ ਮਹਿ ਨਾਮੁ ਉਤਮੁ ਸੋ ਸੁਣਹਿ ਨਾਹੀ ਫਿਰਹਿ ਜਿਉ ਬੇਤਾਲਿਆ ॥ ਕਹੈ ਨਾਨਕੁ ਜਿਨ ਸਚੁ ਤਜਿਆ ਕੂੜੇ ਲਾਗੇ ਤਿਨੀ ਜਨਮੁ ਜੂਐ ਹਾਰਿਆ ॥੧੯॥

ਜੀਅਹੁ ਨਿਰਮਲ ਬਾਹਰਹੁ ਨਿਰਮਲ ॥ ਬਾਹਰਹੁ ਤ ਨਿਰਮਲ ਜੀਅਹੁ ਨਿਰਮਲ ਸਤਿਗੁਰ ਤੇ ਕਰਣੀ ਕਮਾਣੀ ॥ ਕੂੜ ਕੀ ਸੋਇ ਪਹੁਚੈ ਨਾਹੀ ਮਨਸਾ ਸਚਿ ਸਮਾਣੀ ॥ ਜਨਮੁ ਰਤਨੁ ਜਿਨੀ ਖਟਿਆ ਭਲੇ ਸੇ ਵਣਜਾਰੇ ॥ ਕਹੈ ਨਾਨਕੁ ਜਿਨ ਮੰਨੁ ਨਿਰਮਲੁ ਸਦਾ ਰਹਹਿ ਗੁਰ ਨਾਲੇ ॥੨੦॥

ਜੇ ਕੋ ਸਿਖੁ ਗੁਰੂ ਸੇਤੀ ਸਨਮੁਖੁ ਹੋਵੈ ॥ ਹੋਵੈ ਤ ਸਨਮੁਖੁ ਸਿਖੁ ਕੋਈ ਜੀਅਹੁ ਰਹੈ ਗੁਰ ਨਾਲੇ ॥ ਗੁਰ ਕੇ ਚਰਨ ਹਿਰਦੈ ਧਿਆਏ ਅੰਤਰ ਆਤਮੈ ਸਮਾਲੇ ॥ ਆਪੁ ਛਡਿ ਸਦਾ ਰਹੈ ਪਰਣੈ ਗੁਰ ਬਿਨੁ ਅਵਰੁ ਨ ਜਾਣੈ ਕੋਏ ॥ ਕਹੈ ਨਾਨਕੁ ਸੁਣਹੁ ਸੰਤਹੁ ਸੋ ਸਿਖੁ ਸਨਮੁਖੁ ਹੋਏ ॥੨੧॥

ਜੇ ਕੋ ਗੁਰ ਤੇ ਵੇਮੁਖੁ ਹੋਵੈ ਬਿਨੁ ਸਤਿਗੁਰ ਮੁਕਤਿ ਨ ਪਾਵੈ ॥ ਪਾਵੈ ਮੁਕਤਿ ਨ ਹੋਰ ਥੈ ਕੋਈ ਪੁਛਹੁ ਬਿਬੇਕੀਆ ਜਾਏ ॥ ਅਨੇਕ ਜੂਨੀ ਭਰਮਿ ਆਵੈ ਵਿਣੁ ਸਤਿਗੁਰ ਮੁਕਤਿ ਨ ਪਾਏ ॥ ਫਿਰਿ ਮੁਕਤਿ ਪਾਏ ਲਾਗਿ ਚਰਣੀ ਸਤਿਗੁਰੂ ਸਬਦੁ ਸੁਣਾਏ ॥ ਕਹੈ ਨਾਨਕੁ ਵੀਚਾਰਿ ਦੇਖਹੁ ਵਿਣੁ ਸਤਿਗੁਰ ਮੁਕਤਿ ਨ ਪਾਏ ॥੨੨॥

ਆਵਹੁ ਸਿਖ ਸਤਿਗੁਰੂ ਕੇ ਪਿਆਰਿਹੋ ਗਾਵਹੁ ਸਚੀ ਬਾਣੀ ॥ ਬਾਣੀ ਤ ਗਾਵਹੁ ਗੁਰੂ ਕੇਰੀ ਬਾਣੀਆ ਸਿਰਿ ਬਾਣੀ ॥ ਜਿਨ ਕਉ ਨਦਰਿ ਕਰਮੁ ਹੋਵੈ ਹਿਰਦੈ ਤਿਨਾ ਸਮਾਣੀ ॥ ਪੀਵਹੁ ਅੰਮ੍ਰਿਤੁ ਸਦਾ ਰਹਹੁ ਹਰਿ ਰੰਗਿ ਜਪਿਹੁ ਸਾਰਿਗਪਾਣੀ ॥ ਕਹੈ ਨਾਨਕੁ ਸਦਾ ਗਾਵਹੁ ਏਹ ਸਚੀ ਬਾਣੀ ॥੨੩॥

ਸਤਿਗੁਰੂ ਬਿਨਾ ਹੋਰ ਕਚੀ ਹੈ ਬਾਣੀ ॥ ਬਾਣੀ ਤ ਕਚੀ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ ॥ ਕਹਦੇ ਕਚੇ ਸੁਣਦੇ ਕਚੇ ਕਚੀਂ ਆਖਿ ਵਖਾਣੀ ॥ ਹਰਿ ਹਰਿ ਨਿਤ ਕਰਹਿ ਰਸਨਾ ਕਹਿਆ ਕਛੂ ਨ ਜਾਣੀ ॥ ਚਿਤੁ ਜਿਨ ਕਾ ਹਿਰਿ ਲਇਆ ਮਾਇਆ ਬੋਲਨਿ ਪਏ ਰਵਾਣੀ ॥ ਕਹੈ ਨਾਨਕੁ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ ॥੨੪॥

ਗੁਰ ਕਾ ਸਬਦੁ ਰਤੰਨੁ ਹੈ ਹੀਰੇ ਜਿਤੁ ਜੜਾਉ ॥ ਸਬਦੁ ਰਤਨੁ ਜਿਤੁ ਮੰਨੁ ਲਾਗਾ ਏਹੁ ਹੋਆ ਸਮਾਉ ॥ ਸਬਦ ਸੇਤੀ ਮਨੁ ਮਿਲਿਆ ਸਚੈ ਲਾਇਆ ਭਾਉ ॥ ਆਪੇ ਹੀਰਾ ਰਤਨੁ ਆਪੇ ਜਿਸ ਨੋ ਦੇਇ ਬੁਝਾਇ ॥ ਕਹੈ ਨਾਨਕੁ ਸਬਦੁ ਰਤਨੁ ਹੈ ਹੀਰਾ ਜਿਤੁ ਜੜਾਉ ॥੨੫॥

ਸਿਵ ਸਕਤਿ ਆਪਿ ਉਪਾਇ ਕੈ ਕਰਤਾ ਆਪੇ ਹੁਕਮੁ ਵਰਤਾਏ ॥ ਹੁਕਮੁ ਵਰਤਾਏ ਆਪਿ ਵੇਖੈ ਗੁਰਮੁਖਿ ਕਿਸੈ ਬੁਝਾਏ ॥ ਤੋੜੇ ਬੰਧਨ ਹੋਵੈ ਮੁਕਤੁ ਸਬਦੁ ਮੰਨਿ ਵਸਾਏ ॥ ਗੁਰਮੁਖਿ ਜਿਸ ਨੋ ਆਪਿ ਕਰੇ ਸੁ ਹੋਵੈ ਏਕਸ ਸਿਉ ਲਿਵ ਲਾਏ ॥ ਕਹੈ ਨਾਨਕੁ ਆਪਿ ਕਰਤਾ ਆਪੇ ਹੁਕਮੁ ਬੁਝਾਏ ॥੨੬॥

ਸਿਮ੍ਰਿਤਿ ਸਾਸਤ੍ਰ ਪੁੰਨ ਪਾਪ ਬੀਚਾਰਦੇ ਤਤੈ ਸਾਰ ਨ ਜਾਣੀ ॥ ਤਤੈ ਸਾਰ ਨ ਜਾਣੀ ਗੁਰੂ ਬਾਝਹੁ ਤਤੈ ਸਾਰ ਨ ਜਾਣੀ ॥ ਤਿਹੀ ਗੁਣੀ ਸੰਸਾਰੁ ਭ੍ਰਮਿ ਸੁਤਾ ਸੁਤਿਆ ਰੈਣਿ ਵਿਹਾਣੀ ॥ ਗੁਰ ਕਿਰਪਾ ਤੇ ਸੇ ਜਨ ਜਾਗੇ ਜਿਨਾ ਹਰਿ ਮਨਿ ਵਸਿਆ ਬੋਲਹਿ ਅੰਮ੍ਰਿਤ ਬਾਣੀ ॥ ਕਹੈ ਨਾਨਕੁ ਸੋ ਤਤੁ ਪਾਏ ਜਿਸ ਨੋ ਅਨਦਿਨੁ ਹਰਿ ਲਿਵ ਲਾਗੈ ਜਾਗਤ ਰੈਣਿ ਵਿਹਾਣੀ ॥੨੭॥

ਮਾਤਾ ਕੇ ਉਦਰ ਮਹਿ ਪ੍ਰਤਿਪਾਲ ਕਰੇ ਸੋ ਕਿਉ ਮਨਹੁ ਵਿਸਾਰੀਐ ॥ ਮਨਹੁ ਕਿਉ ਵਿਸਾਰੀਐ ਏਵਡੁ ਦਾਤਾ ਜਿ ਅਗਨਿ ਮਹਿ ਆਹਾਰੁ ਪਹੁਚਾਵਏ ॥ ਓਸ ਨੋ ਕਿਹੁ ਪੋਹਿ ਨ ਸਕੀ ਜਿਸ ਨਉ ਆਪਣੀ ਲਿਵ ਲਾਵਏ ॥ ਆਪਣੀ ਲਿਵ

ਆਪੇ ਲਾਏ ਗੁਰਮੁਖਿ ਸਦਾ ਸਮਾਲੀਐ ॥ ਕਹੈ ਨਾਨਕੁ ਏਵਡੁ ਦਾਤਾ ਸੋ ਕਿਉ ਮਨਹੁ ਵਿਸਾਰੀਐ ॥੨੮॥

ਜੈਸੀ ਅਗਨਿ ਉਦਰ ਮਹਿ ਤੈਸੀ ਬਾਹਰਿ ਮਾਇਆ ॥ ਮਾਇਆ ਅਗਨਿ ਸਭ ਇਕੋ ਜੇਹੀ ਕਰਤੈ ਖੇਲੁ ਰਚਾਇਆ ॥ ਜਾ ਤਿਸੁ ਭਾਣਾ ਤਾ ਜੰਮਿਆ ਪਰਵਾਰਿ ਭਲਾ ਭਾਇਆ ॥ ਲਿਵ ਛੁੜਕੀ ਲਗੀ ਤ੍ਰਿਸਨਾ ਮਾਇਆ ਅਮਰੁ ਵਰਤਾਇਆ ॥ ਏਹ ਮਾਇਆ ਜਿਤੁ ਹਰਿ ਵਿਸਰੈ ਮੋਹੁ ਉਪਜੈ ਭਾਉ ਦੂਜਾ ਲਾਇਆ ॥ ਕਹੈ ਨਾਨਕੁ ਗੁਰ ਪਰਸਾਦੀ ਜਿਨਾ ਲਿਵ ਲਾਗੀ ਤਿਨੀ ਵਿਚੇ ਮਾਇਆ ਪਾਇਆ ॥੨੯॥

ਹਰਿ ਆਪਿ ਅਮੁਲਕੁ ਹੈ ਮੁਲਿ ਨ ਪਾਇਆ ਜਾਇ ॥ ਮੁਲਿ ਨ ਪਾਇਆ ਜਾਇ ਕਿਸੈ ਵਿਟਹੁ ਰਹੇ ਲੋਕ ਵਿਲਲਾਇ ॥ ਐਸਾ ਸਤਿਗੁਰੁ ਜੇ ਮਿਲੈ ਤਿਸ ਨੋ ਸਿਰੁ ਸਉਪੀਐ ਵਿਚਹੁ ਆਪੁ ਜਾਇ ॥ ਜਿਸ ਦਾ ਜੀਉ ਤਿਸੁ ਮਿਲਿ ਰਹੈ ਹਰਿ ਵਸੈ ਮਨਿ ਆਇ ॥ ਹਰਿ ਆਪਿ ਅਮੁਲਕੁ ਹੈ ਭਾਗ ਤਿਨਾ ਕੇ ਨਾਨਕਾ ਜਿਨ ਹਰਿ ਪਲੈ ਪਾਇ ॥੩੦॥

ਹਰਿ ਰਾਸਿ ਮੇਰੀ ਮਨੁ ਵਣਜਾਰਾ ॥ ਹਰਿ ਰਾਸਿ ਮੇਰੀ ਮਨੁ ਵਣਜਾਰਾ ਸਤਿਗੁਰ ਤੇ ਰਾਸਿ ਜਾਣੀ ॥ ਹਰਿ ਹਰਿ ਨਿਤ ਜਪਿਹੁ ਜੀਅਹੁ ਲਾਹਾ ਖਟਿਹੁ ਦਿਹਾੜੀ ॥ ਏਹੁ ਧਨੁ ਤਿਨਾ ਮਿਲਿਆ ਜਿਨ ਹਰਿ ਆਪੇ ਭਾਣਾ ॥ ਕਹੈ ਨਾਨਕੁ ਹਰਿ ਰਾਸਿ ਮੇਰੀ ਮਨੁ ਹੋਆ ਵਣਜਾਰਾ ॥੩੧॥

ਏ ਰਸਨਾ ਤੂ ਅਨ ਰਸਿ ਰਾਚਿ ਰਹੀ ਤੇਰੀ ਪਿਆਸ ਨ ਜਾਇ ॥ ਪਿਆਸ ਨ ਜਾਇ ਹੋਰਤੁ ਕਿਤੈ ਜਿਚਰੁ ਹਰਿ ਰਸੁ ਪਲੈ ਨ ਪਾਇ ॥ ਹਰਿ ਰਸੁ ਪਾਇ ਪਲੈ ਪੀਐ ਹਰਿ ਰਸੁ ਬਹੁੜਿ ਨ ਤ੍ਰਿਸਨਾ ਲਾਗੈ ਆਇ ॥ ਏਹੁ ਹਰਿ ਰਸੁ ਕਰਮੀ ਪਾਈਐ ਸਤਿਗੁਰੁ ਮਿਲੈ ਜਿਸੁ ਆਇ ॥ ਕਹੈ ਨਾਨਕੁ ਹੋਰਿ ਅਨ ਰਸ ਸਭਿ ਵੀਸਰੇ ਜਾ ਹਰਿ ਵਸੈ ਮਨਿ ਆਇ ॥੩੨॥

ਏ ਸਰੀਰਾ ਮੇਰਿਆ ਹਰਿ ਤੁਮ ਮਹਿ ਜੋਤਿ ਰਖੀ ਤਾ ਤੂ ਜਗ ਮਹਿ ਆਇਆ ॥ ਹਰਿ ਜੋਤਿ ਰਖੀ ਤੁਧੁ ਵਿਚਿ ਤਾ ਤੂ ਜਗ ਮਹਿ ਆਇਆ ॥ ਹਰਿ ਆਪੇ ਮਾਤਾ ਆਪੇ ਪਿਤਾ ਜਿਨਿ ਜੀਉ ਉਪਾਇ ਜਗਤੁ ਦਿਖਾਇਆ ॥ ਗੁਰ ਪਰਸਾਦੀ ਬੁਝਿਆ ਤਾ ਚਲਤੁ ਹੋਆ ਚਲਤੁ

ਨਦਰੀ ਆਇਆ ॥ ਕਹੈ ਨਾਨਕੁ ਸ੍ਰਿਸਟਿ ਕਾ ਮੂਲੁ ਰਚਿਆ ਜੋਤਿ ਰਾਖੀ ਤਾ ਤੂ ਜਗ ਮਹਿ ਆਇਆ ॥੩੩॥

ਮਨਿ ਚਾਉ ਭਇਆ ਪ੍ਰਭ ਆਗਮੁ ਸੁਣਿਆ ॥ ਹਰਿ ਮੰਗਲੁ ਗਾਉ ਸਖੀ ਗ੍ਰਿਹੁ ਮੰਦਰੁ ਬਣਿਆ ॥ ਹਰਿ ਗਾਉ ਮੰਗਲੁ ਨਿਤ ਸਖੀਏ ਸੋਗੁ ਦੂਖੁ ਨ ਵਿਆਪਏ ॥ ਗੁਰ ਚਰਨ ਲਾਗੇ ਦਿਨ ਸਭਾਗੇ ਆਪਣਾ ਪਿਰੁ ਜਾਪਏ ॥ ਅਨਹਤ ਬਾਣੀ ਗੁਰ ਸਬਦਿ ਜਾਣੀ ਹਰਿ ਨਾਮੁ ਹਰਿ ਰਸੁ ਭੋਗੋ ॥ ਕਹੈ ਨਾਨਕੁ ਪ੍ਰਭੁ ਆਪਿ ਮਿਲਿਆ ਕਰਣ ਕਾਰਣ ਜੋਗੋ ॥੩੪॥

ਏ ਸਰੀਰਾ ਮੇਰਿਆ ਇਸੁ ਜਗ ਮਹਿ ਆਇ ਕੈ ਕਿਆ ਤੁਧੁ ਕਰਮ ਕਮਾਇਆ ॥ ਕਿ ਕਰਮ ਕਮਾਇਆ ਤੁਧੁ ਸਰੀਰਾ ਜਾ ਤੂ ਜਗ ਮਹਿ ਆਇਆ ॥ ਜਿਨਿ ਹਰਿ ਤੇਰਾ ਰਚਨੁ ਰਚਿਆ ਸੋ ਹਰਿ ਮਨਿ ਨ ਵਸਾਇਆ ॥ ਗੁਰ ਪਰਸਾਦੀ ਹਰਿ ਮੰਨਿ ਵਸਿਆ ਪੂਰਬਿ ਲਿਖਿਆ ਪਾਇਆ ॥ ਕਹੈ ਨਾਨਕੁ ਏਹੁ ਸਰੀਰੁ ਪਰਵਾਣੁ ਹੋਆ ਜਿਨਿ ਸਤਿਗੁਰ ਸਿਉ ਚਿਤੁ ਲਾਇਆ ॥੩੫॥

ਏ ਨੇਤ੍ਰਹੁ ਮੇਰਿਹੋ ਹਰਿ ਤੁਮ ਮਹਿ ਜੋਤਿ ਧਰੀ ਹਰਿ ਬਿਨੁ ਅਵਰੁ ਨ ਦੇਖਹੁ ਕੋਈ ॥ ਹਰਿ ਬਿਨੁ ਅਵਰੁ ਨ ਦੇਖਹੁ ਕੋਈ ਨਦਰੀ ਹਰਿ ਨਿਹਾਲਿਆ ॥ ਏਹੁ ਵਿਸੁ ਸੰਸਾਰੁ ਤੁਮ ਦੇਖਦੇ ਏਹੁ ਹਰਿ ਕਾ ਰੂਪੁ ਹੈ ਹਰਿ ਰੂਪੁ ਨਦਰੀ ਆਇਆ ॥ ਗੁਰ ਪਰਸਾਦੀ ਬੁਝਿਆ ਜਾ ਵੇਖਾ ਹਰਿ ਇਕੁ ਹੈ ਹਰਿ ਬਿਨੁ ਅਵਰੁ ਨ ਕੋਈ ॥ ਕਹੈ ਨਾਨਕੁ ਏਹਿ ਨੇਤ੍ਰ ਅੰਧ ਸੇ ਸਤਿਗੁਰਿ ਮਿਲਿਐ ਦਿਬ ਦ੍ਰਿਸਟਿ ਹੋਈ ॥੩੬॥

ਏ ਸ੍ਰਵਣਹੁ ਮੇਰਿਹੋ ਸਾਚੈ ਸੁਨਣੈ ਨੋ ਪਠਾਏ ॥ ਸਾਚੈ ਸੁਨਣੈ ਨੋ ਪਠਾਏ ਸਰੀਰਿ ਲਾਏ ਸੁਣਹੁ ਸਤਿ ਬਾਣੀ ॥ ਜਿਤੁ ਸੁਣੀ ਮਨੁ ਤਨੁ ਹਰਿਆ ਹੋਆ ਰਸਨਾ ਰਸਿ ਸਮਾਣੀ ॥ ਸਚੁ ਅਲਖ ਵਿਡਾਣੀ ਤਾ ਕੀ ਗਤਿ ਕਹੀ ਨ ਜਾਏ ॥ ਕਹੈ ਨਾਨਕੁ ਅੰਮ੍ਰਿਤ ਨਾਮੁ ਸੁਣਹੁ ਪਵਿਤ੍ਰ ਹੋਵਹੁ ਸਾਚੈ ਸੁਨਣੈ ਨੋ ਪਠਾਏ ॥੩੭॥

ਹਰਿ ਜੀਉ ਗੁਫਾ ਅੰਦਰਿ ਰਖਿ ਕੈ ਵਾਜਾ ਪਵਣੁ ਵਜਾਇਆ ॥ ਵਜਾਇਆ ਵਾਜਾ ਪਉਣ ਨਉ ਦੁਆਰੇ ਪਰਗਟੁ ਕੀਏ ਦਸਵਾ ਗੁਪਤੁ ਰਖਾਇਆ ॥ ਗੁਰਦੁਆਰੈ ਲਾਇ ਭਾਵਨੀ ਇਕਨਾ

ਦਸਵਾ ਦੁਆਰੁ ਦਿਖਾਇਆ ॥ ਤਹ ਅਨੇਕ ਰੂਪ ਨਾਉ ਨਵ ਨਿਧਿ ਤਿਸ ਦਾ ਅੰਤੁ ਨ ਜਾਈ ਪਾਇਆ ॥ ਕਹੈ ਨਾਨਕੁ ਹਰਿ ਪਿਆਰੈ ਜੀਉ ਗੁਫਾ ਅੰਦਰਿ ਰਖਿ ਕੈ ਵਾਜਾ ਪਵਣੁ ਵਜਾਇਆ ॥੩੮॥

ਏਹੁ ਸਾਚਾ ਸੋਹਿਲਾ ਸਾਚੈ ਘਰਿ ਗਾਵਹੁ ॥ ਗਾਵਹੁ ਤ ਸੋਹਿਲਾ ਘਰਿ ਸਾਚੈ ਜਿਥੈ ਸਦਾ ਸਚੁ ਧਿਆਵਹੇ ॥ ਸਚੋ ਧਿਆਵਹਿ ਜਾ ਤੁਧੁ ਭਾਵਹਿ ਗੁਰਮੁਖਿ ਜਿਨਾ ਬੁਝਾਵਹੇ ॥ ਇਹੁ ਸਚੁ ਸਭਨਾ ਕਾ ਖਸਮੁ ਹੈ ਜਿਸੁ ਬਖਸੇ ਸੋ ਜਨੁ ਪਾਵਹੇ ॥ ਕਹੈ ਨਾਨਕੁ ਸਚੁ ਸੋਹਿਲਾ ਸਚੈ ਘਰਿ ਗਾਵਹੇ ॥੩੯॥

ਅਨਦੁ ਸੁਣਹੁ ਵਡਭਾਗੀਹੋ ਸਗਲ ਮਨੋਰਥ ਪੂਰੇ ॥ ਪਾਰਬ੍ਰਹਮੁ ਪ੍ਰਭੁ ਪਾਇਆ ਉਤਰੇ ਸਗਲ ਵਿਸੂਰੇ ॥ ਦੂਖ ਰੋਗ ਸੰਤਾਪ ਉਤਰੇ ਸੁਣੀ ਸਚੀ ਬਾਣੀ ॥ ਸੰਤ ਸਾਜਨ ਭਏ ਸਰਸੇ ਪੂਰੇ ਗੁਰ ਤੇ ਜਾਣੀ ॥ ਸੁਣਤੇ ਪੁਨੀਤ ਕਹਤੇ ਪਵਿਤੁ ਸਤਿਗੁਰੁ ਰਹਿਆ ਭਰਪੂਰੇ ॥ ਬਿਨਵੰਤਿ ਨਾਨਕੁ ਗੁਰ ਚਰਣ ਲਾਗੇ ਵਾਜੇ ਅਨਹਦ ਤੂਰੇ ॥੪੦॥੧॥

## ਰਹਰਾਸਿ ਸਾਹਿਬ

# ਸੋ ਦਰੁ ਰਾਗੁ ਆਸਾ ਮਹਲਾ ੧
# ੴ ਸਤਿਗੁਰ ਪ੍ਰਸਾਦਿ

ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥ ਗਾਵਨਿ ਤੁਧਨੋ ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਨਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਬੀਚਾਰੇ ॥ ਗਾਵਨਿ ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨਿ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਨਿ ਤੁਧਨੋ ਸਿਧ ਸਮਾਧੀ ਅੰਦਰਿ ਗਾਵਨਿ ਤੁਧਨੋ ਸਾਧ ਬੀਚਾਰੇ ॥ ਗਾਵਨਿ ਤੁਧਨੋ ਜਤੀ ਸਤੀ ਸੰਤੋਖੀ ਗਾਵਨਿ ਤੁਧਨੋ ਵੀਰ ਕਰਾਰੇ ॥ ਗਾਵਨਿ ਤੁਧਨੋ ਪੰਡਿਤ ਪੜਨਿ ਰਖੀਸੁਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥ ਗਾਵਨਿ ਤੁਧਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਨਿ ਤੁਧਨੋ ਜੋਧ ਮਹਾਬਲ ਸੂਰਾ ਗਾਵਨਿ ਤੁਧਨੋ ਖਾਣੀ ਚਾਰੇ ॥ ਗਾਵਨਿ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ ਸੇਈ ਤੁਧਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿਸਾਹਿਬੁ ਨਾਨਕ ਰਹਣੁ ਰਜਾਈ ॥੧॥

ਆਸਾ ਮਹਲਾ ੧ ॥
ਸੁਣਿ ਵਡਾ ਆਖੈ ਸਭੁ ਕੋਇ ॥ਕੇਵਡੁ ਵਡਾ ਡੀਠਾ ਹੋਇ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ ਸਮਾਇ ॥੧॥ ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ ॥ ਕੋਇ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ ॥੧॥ ਰਹਾਉ ॥ ਸਭਿ ਸੁਰਤੀ ਮਿਲਿ ਸੁਰਤਿ

ਕਮਾਈ ॥ ਸਭ ਕੀਮਤਿ ਮਿਲਿ ਕੀਮਤਿ ਪਾਈ ॥ ਗਿਆਨੀ ਧਿਆਨੀ ਗੁਰ ਗੁਰਹਾਈ ॥ ਕਹਣੁ ਨ ਜਾਈ ਤੇਰੀ ਤਿਲੁ ਵਡਿਆਈ ॥੨॥ ਸਭਿ ਸਤ ਸਭਿ ਤਪ ਸਭਿ ਚੰਗਿਆਈਆ ॥ ਸਿਧਾ ਪੁਰਖਾ ਕੀਆ ਵਡਿਆਈਆ ॥ ਤੁਧੁ ਵਿਣੁ ਸਿਧੀ ਕਿਨੈ ਨ ਪਾਈਆ ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ ॥੩॥ ਆਖਣ ਵਾਲਾ ਕਿਆ ਵੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ ॥ ਜਿਸੁ ਤੂ ਦੇਹਿ ਤਿਸੈ ਕਿਆ ਚਾਰਾ ॥ ਨਾਨਕ ਸਚੁ ਸਵਾਰਣਹਾਰਾ ॥੪॥੨॥

ਆਸਾ ਮਹਲਾ ੧ ॥
ਆਖਾ ਜੀਵਾ ਵਿਸਰੈ ਮਰਿ ਜਾਉ ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਉਤੁ ਭੂਖੈ ਖਾਇ ਚਲੀਅਹਿ ਦੂਖ ॥੧॥ ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ ॥ ਸਾਚੇ ਨਾਮ ਕੀ ਤਿਲੁ ਵਡਿਆਈ ॥ ਆਖਿ ਥਕੇ ਕੀਮਤਿ ਨਹੀ ਪਾਈ ॥ ਜੇ ਸਭਿ ਮਿਲਿ ਕੈ ਆਖਣ ਪਾਹਿ ॥ ਵਡਾ ਨ ਹੋਵੈ ਘਾਟਿ ਨ ਜਾਇ ॥੨॥ ਨਾ ਓਹੁ ਮਰੈ ਨ ਹੋਵੈ ਸੋਗੁ ॥ ਦੇਦਾ ਰਹੈ ਨ ਚੂਕੈ ਭੋਗੁ ॥ ਗੁਣੁ ਏਹੋ ਹੋਰੁ ਨਾਹੀ ਕੋਇ ॥ ਨਾ ਕੋ ਹੋਆ ਨਾ ਕੋ ਹੋਇ ॥੩॥ ਜੇਵਡੁ ਆਪਿ ਤੇਵਡ ਤੇਰੀ ਦਾਤਿ ॥ ਜਿਨਿ ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ ਵਿਸਾਰਹਿ ਤੇ ਕਮਜਾਤਿ ॥ ਨਾਨਕ ਨਾਵੈ ਬਾਝੁ ਸਨਾਤਿ ॥੪॥੩॥

ਰਾਗੁ ਗੂਜਰੀ ਮਹਲਾ ੪ ॥
ਹਰਿ ਕੇ ਜਨ ਸਤਿਗੁਰ ਸਤਪੁਰਖਾ ਬਿਨਉ ਕਰਉ ਗੁਰ ਪਾਸਿ ॥ ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ ॥੧॥ ਮੇਰੇ ਮੀਤ ਗੁਰਦੇਵ ਮੋ ਕਉ ਰਾਮ ਨਾਮੁ ਪਰਗਾਸਿ ॥ ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ ॥੧॥ ਰਹਾਉ ॥ ਹਰਿ ਜਨ ਕੇ ਵਡ ਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ ॥ ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ ॥੨॥ ਜਿਨ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ ॥ ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ ॥੩॥ ਜਿਨ ਹਰਿ ਜਨ ਸਤਿਗੁਰ ਸੰਗਤਿ ਪਾਈ ਤਿਨ ਧੁਰਿ ਮਸਤਕਿ ਲਿਖਿਆ ਲਿਖਾਸਿ ॥ ਧਨੁ

ਧੰਨੁ ਸਤਸੰਗਤਿ ਜਿਤੁ ਹਰਿ ਰਸੁ ਪਾਇਆ ਮਿਲਿ ਜਨ ਨਾਨਕ ਨਾਮੁ ਪਰਗਾਸਿ ॥੪॥੪॥

ਰਾਗੁ ਗੂਜਰੀ ਮਹਲਾ ੫ ॥
ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ ਹਰਿ ਜੀਉ ਪਰਿਆ ॥ ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ ਧਰਿਆ ॥੧॥ ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸੁ ਤਰਿਆ॥ ਗੁਰਪਰਸਾਦਿ ਪਰਮ ਪਦੁ ਪਾਇਆ ਸੂਕੇ ਕਾਸਟ ਹਰਿਆ ॥੧॥ ਰਹਾਉ ॥ ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ ॥ ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ ॥੨॥ ਊਡੇ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ ॥ ਤਿਨ ਕਵਣੁ ਖਲਾਵੈ ਕਵਣੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ ॥੩॥ ਸਭਿ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ ॥ ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ ॥੪॥੫॥

ਰਾਗੁ ਆਸਾ ਮਹਲਾ ੪ ਸੋ ਪੁਰਖੁ
ੴ ਸਤਿਗੁਰ ਪ੍ਰਸਾਦਿ ॥

ਸੋ ਪੁਰਖੁ ਨਿਰੰਜਨੁ ਹਰਿ ਪੁਰਖੁ ਨਿਰੰਜਨੁ ਹਰਿ ਅਗਮਾ ਅਗਮ ਅਪਾਰਾ ॥ ਸਭਿ ਧਿਆਵਹਿ ਸਭਿ ਧਿਆਵਹਿ ਤੁਧੁ ਜੀ ਹਰਿ ਸਚੇ ਸਿਰਜਣਹਾਰਾ ॥ ਸਭਿ ਜੀਅ ਤੁਮਾਰੇ ਜੀ ਤੂੰ ਜੀਆ ਕਾ ਦਾਤਾਰਾ ॥ ਹਰਿ ਧਿਆਵਹੁ ਸੰਤਹੁ ਜੀ ਸਭਿ ਦੂਖ ਵਿਸਾਰਣਹਾਰਾ ॥ ਹਰਿ ਆਪੇ ਠਾਕੁਰੁ ਹਰਿ ਆਪੇ ਸੇਵਕੁ ਜੀ ਕਿਆ ਨਾਨਕ ਜੰਤ ਵਿਚਾਰਾ ॥੧॥ ਤੂੰ ਘਟ ਘਟ ਅੰਤਰਿ ਸਰਬ ਨਿਰੰਤਰਿ ਜੀ ਹਰਿ ਏਕੋ ਪੁਰਖੁ ਸਮਾਣਾ ॥ ਇਕਿ ਦਾਤੇ ਇਕਿ ਭੇਖਾਰੀ ਜੀ ਸਭਿ ਤੇਰੇ ਚੋਜ ਵਿਡਾਣਾ ॥ ਤੂੰ ਆਪੇ ਦਾਤਾ ਆਪੇ ਭੁਗਤਾ ਜੀ ਹਉ ਤੁਧੁ ਬਿਨੁ ਅਵਰੁ ਨ ਜਾਣਾ ॥ ਤੂੰ ਪਾਰਬ੍ਰਹਮੁ ਬੇਅੰਤੁ ਬੇਅੰਤੁ ਜੀ ਤੇਰੇ ਕਿਆ ਗੁਣ ਆਖਿ ਵਖਾਣਾ ॥ ਜੋ ਸੇਵਹਿ ਜੋ ਸੇਵਹਿ ਤੁਧੁ ਜੀ ਜਨੁ ਨਾਨਕੁ ਤਿਨ ਕੁਰਬਾਣਾ ॥੨॥ ਹਰਿ ਧਿਆਵਹਿ ਹਰਿ ਧਿਆਵਹਿ ਤੁਧੁ ਜੀ ਸੇ ਜਨ ਜੁਗ ਮਹਿ ਸੁਖਵਾਸੀ ॥ ਸੇ ਮੁਕਤੁ ਸੇ ਮੁਕਤੁ ਭਏ ਜਿਨ ਹਰਿ ਧਿਆਇਆ ਜੀ ਤਿਨ ਤੂਟੀ ਜਮ ਕੀ ਫਾਸੀ ॥ ਜਿਨ ਨਿਰਭਉ ਜਿਨ ਹਰਿ ਨਿਰਭਉ ਧਿਆਇਆ ਜੀ ਤਿਨ ਕਾ ਭਉ ਸਭੁ ਗਵਾਸੀ ॥ ਜਿਨ ਸੇਵਿਆ ਜਿਨ ਸੇਵਿਆ ਮੇਰਾ ਹਰਿ ਜੀ ਤੇ ਹਰਿ ਹਰਿ

ਰੂਪਿ ਸਮਾਸੀ ॥ ਸੇ ਧੰਨੁ ਸੇ ਧੰਨੁ ਜਿਨ
ਹਰਿ ਧਿਆਇਆ ਜੀ ਜਨੁ ਨਾਨਕੁ ਤਿਨ
ਬਲਿ ਜਾਸੀ ॥੩॥ ਤੇਰੀ ਭਗਤਿ ਤੇਰੀ
ਭਗਤਿ ਭੰਡਾਰ ਜੀ ਭਰੇ ਬਿਅੰਤ ਬੇਅੰਤਾ
॥ ਤੇਰੇ ਭਗਤ ਤੇਰੇ ਭਗਤ ਸਲਾਹਨਿ
ਤੁਧੁ ਜੀ ਹਰਿ ਅਨਿਕ ਅਨੇਕ ਅਨੰਤਾ
॥ ਤੇਰੀ ਅਨਿਕ ਤੇਰੀ ਅਨਿਕ ਕਰਹਿ
ਹਰਿ ਪੂਜਾ ਜੀ ਤਪੁ ਤਾਪਹਿ ਜਪਹਿ
ਬੇਅੰਤਾ ॥ ਤੇਰੇ ਅਨੇਕ ਤੇਰੇ ਅਨੇਕ
ਪੜਹਿ ਬਹੁ ਸਿਮ੍ਰਿਤਿ ਸਾਸਤ ਜੀ ਕਰਿ
ਕਿਰਿਆ ਖਟੁ ਕਰਮ ਕਰੰਤਾ ॥ ਸੇ
ਭਗਤ ਸੇ ਭਗਤ ਭਲੇ ਜਨ ਨਾਨਕ ਜੀ
ਜੋ ਭਾਵਹਿ ਮੇਰੇ ਹਰਿ ਭਗਵੰਤਾ ॥੪॥ ਤੂੰ
ਆਦਿ ਪੁਰਖੁ ਅਪਰੰਪਰੁ ਕਰਤਾ ਜੀ
ਤੁਧੁ ਜੇਵਡੁ ਅਵਰੁ ਨ ਕੋਈ ॥ ਤੂੰ ਜੁਗੁ
ਜੁਗੁ ਏਕੋ ਸਦਾ ਸਦਾ ਤੂੰ ਏਕੋ ਜੀ ਤੂੰ
ਨਿਹਚਲੁ ਕਰਤਾ ਸੋਈ ॥ ਤੁਧੁ ਆਪੇ
ਭਾਵੈ ਸੋਈ ਵਰਤੈ ਜੀ ਤੂੰ ਆਪੇ ਕਰਹਿ
ਸੁ ਹੋਈ ॥ ਤੁਧੁ ਆਪੇ ਸ੍ਰਿਸਟਿ ਸਭ
ਉਪਾਈ ਜੀ ਤੁਧੁ ਆਪੇ ਸਿਰਜਿ ਸਭ
ਗੋਈ ॥ ਜਨੁ ਨਾਨਕੁ ਗੁਣ ਗਾਵੈ ਕਰਤੇ
ਕੇ ਜੀ ਜੋ ਸਭਸੈ ਕਾ ਜਾਣੋਈ ॥੫॥੧॥

ਆਸਾ ਮਹਲਾ ੪ ॥
ਤੂੰ ਕਰਤਾ ਸਚਿਆਰੁ ਮੈਡਾ ਸਾਂਈ ॥ ਜੋ
ਤਉ ਭਾਵੈ ਸੋਈ ਥੀਸੀ ਜੋ ਤੂੰ ਦੇਹਿ ਸੋਈ
ਹਉ ਪਾਈ ॥੧॥ ਰਹਾਉ ॥ ਸਭ ਤੇਰੀ
ਤੂੰ ਸਭਨੀ ਧਿਆਇਆ ॥ ਜਿਸ ਨੋ
ਕ੍ਰਿਪਾ ਕਰਹਿ ਤਿਨਿ ਨਾਮ ਰਤਨੁ
ਪਾਇਆ ॥ ਗੁਰਮੁਖਿ ਲਾਧਾ ਮਨਮੁਖਿ
ਗਵਾਇਆ ॥ ਤੁਧੁ ਆਪਿ ਵਿਛੋੜਿਆ
ਆਪਿ ਮਿਲਾਇਆ ॥੧॥ ਤੂੰ ਦਰੀਆਉ
ਸਭ ਤੁਝ ਹੀ ਮਾਹਿ ॥ ਤੁਝ ਬਿਨੁ ਦੂਜਾ
ਕੋਈ ਨਾਹਿ ॥ ਜੀਅ ਜੰਤ ਸਭਿ ਤੇਰਾ
ਖੇਲੁ ॥ ਵਿਜੋਗਿ ਮਿਲਿ ਵਿਛੁੜਿਆ
ਸੰਜੋਗੀ ਮੇਲੁ ॥੨॥ ਜਿਸ ਨੋ ਤੂ
ਜਾਣਾਇਹਿ ਸੋਈ ਜਨੁ ਜਾਣੈ ॥ ਹਰਿ
ਗੁਣ ਸਦ ਹੀ ਆਖਿ ਵਖਾਣੈ ॥ ਜਿਨਿ
ਹਰਿ ਸੇਵਿਆ ਤਿਨਿ ਸੁਖੁ ਪਾਇਆ ॥
ਸਹਜੇ ਹੀ ਹਰਿ ਨਾਮਿ ਸਮਾਇਆ ॥੩॥
ਤੂ ਆਪੇ ਕਰਤਾ ਤੇਰਾ ਕੀਆ ਸਭੁ
ਹੋਇ ॥ ਤੁਧੁ ਬਿਨੁ ਦੂਜਾ ਅਵਰੁ ਨ ਕੋਇ
॥ ਤੂ ਕਰਿ ਕਰਿ ਵੇਖਹਿ ਜਾਣਹਿ ਸੋਇ
॥ ਜਨ ਨਾਨਕ ਗੁਰਮੁਖਿ ਪਰਗਟੁ ਹੋਇ
॥੪॥੨॥

ਆਸਾ ਮਹਲਾ ੧ ॥
ਤਿਤੁ ਸਰਵਰੜੈ ਭਈਲੇ ਨਿਵਾਸਾ ਪਾਣੀ
ਪਾਵਕੁ ਤਿਨਹਿ ਕੀਆ ॥ ਪੰਕਜੁ ਮੋਹ
ਪਗੁ ਨਹੀ ਚਾਲੈ ਹਮ ਦੇਖਾ ਤਹ
ਡੂਬੀਅਲੇ ॥੧॥ ਮਨ ਏਕੁ ਨ ਚੇਤਸਿ
ਮੂੜ ਮਨਾ ॥ ਹਰਿ ਬਿਸਰਤ ਤੇਰੇ ਗੁਣ
ਗਲਿਆ ॥੧॥ ਰਹਾਉ ॥ ਨਾ ਹਉ ਜਤੀ

ਸਤੀ ਨਹੀ ਪੜਿਆ ਮੂਰਖ ਮੁਗਧਾ ਜਨਮੁ ਭਇਆ ॥ ਪ੍ਰਣਵਤਿ ਨਾਨਕ ਤਿਨ ਕੀ ਸਰਣਾ ਜਿਨ ਤੂ ਨਾਹੀ ਵੀਸਰਿਆ ॥੨॥੩॥

ਆਸਾ ਮਹਲਾ ੫ ॥ ਭਈ ਪਰਾਪਤਿ ਮਾਨੁਖ ਦੇਹੁਰੀਆ ॥ ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ ॥ ਅਵਰਿ ਕਾਜ ਤੇਰੈ ਕਿਤੈ ਨ ਕਾਮ ॥ ਮਿਲੁ ਸਾਧਸੰਗਤਿ ਭਜੁ ਕੇਵਲ ਨਾਮ ॥੧॥ ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ ॥੧॥ ਰਹਾਉ ॥ ਜਪੁ ਤਪੁ ਸੰਜਮੁ ਧਰਮੁ ਨ ਕਮਾਇਆ ॥ ਸੇਵਾ ਸਾਧ ਨ ਜਾਨਿਆ ਹਰਿ ਰਾਇਆ ॥ ਕਹੁ ਨਾਨਕ ਹਮ ਨੀਚ ਕਰੰਮਾ ॥ ਸਰਣਿ ਪਰੇ ਕੀ ਰਾਖਹੁ ਸਰਮਾ ॥੨॥੪॥

ੴ ਵਾਹਿਗੁਰੂ ਜੀ ਕੀ ਫਤਹ ॥ ਪਾਤਿਸ਼ਾਹੀ ੧੦॥ ਕਬਿਯੋਬਾਚ ਬੇਨਤੀ ॥ ਚੌਪਈ ॥

ਹਮਰੀ ਕਰੋ ਹਾਥ ਦੈ ਰੱਛਾ ॥ ਪੂਰਨ ਹੋਇ ਚਿੱਤ ਕੀ ਇੱਛਾ ॥ਤਵ ਚਰਨਨ ਮਨ ਰਹੈ ਹਮਾਰਾ ॥ ਅਪਨਾ ਜਾਨ ਕਰੋ ਪ੍ਰਤਿਪਾਰਾ ॥੧॥

ਹਮਰੇ ਦੁਸਟ ਸਭੈ ਤੁਮ ਘਾਵਹੁ ॥ ਆਪੁ ਹਾਥ ਦੈ ਮੋਹਿ ਬਚਾਵਹੁ ॥ ਸੁਖੀ ਬਸੈ ਮੋਰੋ ਪਰਿਵਾਰਾ ॥ ਸੇਵਕ ਸਿੱਖ ਸਭੈ ਕਰਤਾਰਾ ॥੨॥

ਮੋ ਰੱਛਾ ਨਿਜੁ ਕਰ ਦੈ ਕਰਿਯੈ ॥ ਸਭ ਬੈਰਿਨ ਕੌ ਆਜ ਸੰਘਰਿਯੈ ॥ ਪੂਰਨ ਹੋਇ ਹਮਾਰੀ ਆਸਾ ॥ ਤੋਰ ਭਜਨ ਕੀ ਰਹੈ ਪਿਆਸਾ ॥੩॥

ਤੁਮਹਿ ਛਾਡਿ ਕੋਈ ਅਵਰ ਨ ਧਿਯਾਊਂ ॥ ਜੋ ਬਰ ਚਾਹੋਂ ਸੁ ਤੁਮ ਤੇ ਪਾਊਂ ॥ ਸੇਵਕ ਸਿੱਖ ਹਮਾਰੇ ਤਾਰੀਅਹਿ ॥ ਚੁਨਿ ਚੁਨਿ ਸਤ੍ਰ ਹਮਾਰੇ ਮਾਰੀਅਹਿ ॥੪॥

ਆਪ ਹਾਥ ਦੈ ਮੁਝੈ ਉਬਰਿਯੈ ॥ ਮਰਨ ਕਾਲ ਕਾ ਤ੍ਰਾਸ ਨਿਵਰਿਯੈ ॥ ਹੂਜੋ ਸਦਾ ਹਮਾਰੇ ਪੱਛਾ ॥ ਸ੍ਰੀ ਅਸਿਧੁਜ ਜੂ ਕਰਿਯਹੁ ਰੱਛਾ ॥੫॥

ਰਾਖਿ ਲੇਹੁ ਮੁਹਿ ਰਾਖਨਹਾਰੇ ॥ ਸਾਹਿਬ ਸੰਤ ਸਹਾਇ ਪਿਯਾਰੇ ॥ ਦੀਨ ਬੰਧੁ ਦੁਸਟਨ ਕੇ ਹੰਤਾ ॥ ਤੁਮਹੋ ਪੁਰੀ ਚਤੁਰ ਦਸ ਕੰਤਾ ॥੬॥

ਕਾਲ ਪਾਇ ਬ੍ਰਹਮਾ ਬਪੁ ਧਰਾ ॥ ਕਾਲ ਪਾਇ ਸਿਵਜੂ ਅਵਤਰਾ ॥ ਕਾਲ ਪਾਇ ਕਰਿ ਬਿਸਨੁ ਪ੍ਰਕਾਸਾ ॥ ਸਕਲ ਕਾਲ ਕਾ ਕੀਆ ਤਮਾਸਾ ॥੭॥

ਜਵਨ ਕਾਲ ਜੋਗੀ ਸਿਵ ਕੀਓ ॥ ਬੇਦ ਰਾਜ ਬ੍ਰਹਮਾ ਜੂ ਥੀਓ ॥ ਜਵਨ ਕਾਲ ਸਭ ਲੋਕ ਸਵਾਰਾ ॥ ਨਮਸਕਾਰ ਹੈ ਤਾਹਿ ਹਮਾਰਾ ॥੮॥

ਜਵਨ ਕਾਲ ਸਭ ਜਗਤ ਬਨਾਯੋ ॥ ਦੇਵ ਦੈਤ ਜੱਛਨ ਉਪਜਾਯੋ ॥ ਆਦਿ ਅੰਤਿ ਏਕੈ ਅਵਤਾਰਾ ॥ ਸੋਈ ਗੁਰੂ ਸਮਝਿਯਹੁ ਹਮਾਰਾ ॥੯॥

ਨਮਸਕਾਰ ਤਿਸ ਹੀ ਕੋ ਹਮਾਰੀ ॥ ਸਕਲ ਪ੍ਰਜਾ ਜਿਨ ਆਪ ਸਵਾਰੀ ॥ ਸਿਵਕਨ ਕੋ ਸਿਵਗੁਨ ਸੁਖ ਦੀਯੋ ॥ ਸੱਤ੍ਰੁਨ ਕੋ ਪਲ ਮੋ ਬਧ ਕੀਯੋ ॥੧੦॥

ਘਟ ਘਟ ਕੇ ਅੰਤਰ ਕੀ ਜਾਨਤ ॥ ਭਲੇ ਬੁਰੇ ਕੀ ਪੀਰ ਪਛਾਨਤ ॥ ਚੀਟੀ ਤੇ ਕੁੰਚਰ ਅਸਥੂਲਾ ॥ ਸਭ ਪਰ ਕ੍ਰਿਪਾ ਦ੍ਰਿਸਟਿ ਕਰਿ ਫੂਲਾ ॥੧੧॥

ਸੰਤਨ ਦੁਖ ਪਾਏ ਤੇ ਦੁਖੀ ॥ ਸੁਖ ਪਾਏ ਸਾਧਨ ਕੇ ਸੁਖੀ ॥ ਏਕ ਏਕ ਕੀ ਪੀਰ ਪਛਾਨੈਂ ॥ ਘਟ ਘਟ ਕੇ ਪਟ ਪਟ ਕੀ ਜਾਨੈਂ ॥੧੨॥

ਜਬ ਉਦਕਰਖ ਕਰਾ ਕਰਤਾਰਾ ॥ ਪ੍ਰਜਾ ਧਰਤ ਤਬ ਦੇਹ ਅਪਾਰਾ ॥ ਜਬ ਆਕਰਖ ਕਰਤ ਹੋ ਕਬਹੂੰ ॥ ਤੁਮ ਮੈ ਮਿਲਤ ਦੇਹ ਧਰ ਸਭਹੂੰ ॥੧੩॥

ਜੇਤੇ ਬਦਨ ਸ੍ਰਿਸਟਿ ਸਭ ਧਾਰੈ ॥ ਆਪੁ ਆਪਨੀ ਬੂਝ ਉਚਾਰੈ ॥ ਤੁਮ ਸਭਹੀ ਤੇ ਰਹਤ ਨਿਰਾਲਮ ॥ ਜਾਨਤ ਬੇਦ ਭੇਦ ਅਰ ਆਲਮ ॥੧੪॥

ਨਿਰੰਕਾਰ ਨ੍ਰਿਬਿਕਾਰ ਨਿਰਲੰਭ ॥ ਆਦਿ ਅਨੀਲ ਅਨਾਦਿ ਅਸੰਭ ॥ ਤਾ ਕਾ ਮੂੜ੍ਹ ਉਚਾਰਤ ਭੇਦਾ ॥ ਜਾਕੌ ਭੇਵ ਨ ਪਾਵਤ ਬੇਦਾ ॥੧੫॥

ਤਾਕੌ ਕਰਿ ਪਾਹਨ ਅਨੁਮਾਨਤ ॥ ਮਹਾਂ ਮੂੜ੍ਹ ਕਛੁ ਭੇਦ ਨ ਜਾਨਤ ॥ ਮਹਾਦੇਵ ਕੌ ਕਹਤ ਸਦਾ ਸਿਵ ॥ ਨਿਰੰਕਾਰ ਕਾ ਚੀਨਤ ਨਹਿ ਭਿਵ ॥੧੬॥

ਆਪੁ ਆਪੁਨੀ ਬੁਧਿ ਹੈ ਜੇਤੀ ॥ ਬਰਨਤ ਭਿੰਨ ਭਿੰਨ ਤੁਹਿ ਤੇਤੀ ॥

ਤੁਮਰਾ ਲਖਾ ਨ ਜਾਇ ਪਸਾਰਾ ॥ ਕਿਹ ਬਿਧਿ ਸਜਾ ਪ੍ਰਥਮ ਸੰਸਾਰਾ ॥੧੭॥

ਏਕੈ ਰੂਪ ਅਨੂਪ ਸਰੂਪਾ ॥ ਰੰਕ ਭਯੋ ਰਾਵ ਕਹੀ ਭੂਪਾ ॥ ਅੰਡਜ ਜੇਰਜ ਸੇਤਜ ਕੀਨੀ ॥ ਉਤਭੁਜ ਖਾਨਿ ਬਹੁਰ ਰਚਿ ਦੀਨੀ ॥੧੮॥

ਕਹੂੰ ਫੂਲਿ ਰਾਜਾ ਹ੍ਵੈ ਬੈਠਾ ॥ ਕਹੂੰ ਸਿਮਟਿ ਭ੍ਯੋ ਸੰਕਰ ਇਕੈਠਾ ॥ ਸਗਰੀ ਸ੍ਰਿਸਟਿ ਦਿਖਾਇ ਅਚੰਭਵ ॥ ਆਦਿ ਜੁਗਾਦਿ ਸਰੂਪ ਸੁਯੰਭਵ ॥੧੯॥

ਅਬ ਰੱਛਾ ਮੇਰੀ ਤੁਮ ਕਰੋ ॥ ਸਿੱਖ ਉਬਾਰਿ ਅਸਿੱਖ ਸੰਘਰੋ ॥ ਦੁਸ਼ਟ ਜਿਤੇ ਉਠਵਤ ਉਤਪਾਤਾ ॥ ਸਕਲ ਮਲੇਛ ਕਰੋ ਰਣ ਘਾਤਾ ॥੨੦॥

ਜੇ ਅਸਿਧੁਜ ਤਵ ਸਰਨੀ ਪਰੇ ॥ ਤਿਨ ਕੇ ਦੁਸ਼ਟ ਦੁਖਿਤ ਹ੍ਵੈ ਮਰੇ ॥ ਪੁਰਖ ਜਵਨ ਪਗ ਪਰੇ ਤਿਹਾਰੇ ॥ ਤਿਨਕੇ ਤੁਮ ਸੰਕਟ ਸਭ ਟਾਰੇ ॥੨੧॥

ਜੋ ਕਲਿ ਕੋ ਇਕ ਬਾਰ ਧਿਐ ਹੈ ॥ ਤਾਕੇ ਕਾਲ ਨਿਕਟਿ ਨਹਿ ਐਹੈ ॥ ਰੱਛਾ ਹੋਇ ਤਾਹਿ ਸਭ ਕਾਲਾ ॥ ਦੁਸ਼ਟ ਅਰਿਸਟ ਟਰੇਂ ਤਤਕਾਲਾ ॥੨੨॥

ਕ੍ਰਿਪਾ ਦ੍ਰਿਸਟਿ ਤਨ ਜਾਹਿ ਨਿਹਰਿਹੋ ॥ ਤਾ ਕੇ ਤਾਪ ਤਨਕ ਮੋ ਹਰਿਹੋ ॥ ਰਿੱਧਿ ਸਿੱਧਿ ਘਰ ਮੋ ਸਭ ਹੋਈ ॥ ਦੁਸ਼ਟ ਛਾਹ ਛ੍ਵੈ ਸਕੈ ਨ ਕੋਈ ॥੨੩॥

ਏਕ ਬਾਰ ਜਿਨ ਤੁਮੈ ਸੰਭਾਰਾ ॥ ਕਾਲ ਫਾਸ ਤੇ ਤਾਹਿ ਉਬਾਰਾ ॥ ਜਿਨ ਨਰ ਨਾਮ ਤਿਹਾਰੋ ਕਹਾ ॥ ਦਾਰਿਦ ਦੁਸਟ ਦੋਖ ਤੇ ਰਹਾ ॥੨੪॥

ਖੜਗ ਕੇਤ ਮੈ ਸਰਣਿ ਤਿਹਾਰੀ ॥ ਆਪ ਹਾਥ ਦੈ ਲੇਹੁ ਉਬਾਰੀ ॥ ਸਰਬ ਠੌਰ ਮੋ ਹੋਹੁ ਸਹਾਈ ॥ ਦੁਸਟ ਦੋਖ ਤੇ ਲੇਹੁ ਬਚਾਈ ॥੨੫॥

ਸ੍ਵੈਯਾ ॥

ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀਂ ਆਨਯੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਯੋ ॥ ਸਿੰਮ੍ਰਿਤ ਸਾਸਤ੍ਰ ਬੇਦ ਸਭੈ ਬਹੁ ਭੇਦ ਕਹੈਂ ਹਮ ਏਕ ਨ ਜਾਨਯੋ ॥ ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹ੍ਯੋ ਸਭ ਤੋਹਿ ਬਖਾਨਯੋ ॥

ਦੋਹਰਾ ॥
ਸਗਲ ਦੁਆਰ ਕਉ ਛਾਡਿਕੈ ਗਹਿਓ ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥

ਰਾਮਕਲੀ ਮਹਲਾ ੩ ਅਨੰਦੁ
ੴ ਸਤਿਗੁਰ ਪ੍ਰਸਾਦਿ ॥

ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ ॥ ਸਤਿਗੁਰੁ ਤ ਪਾਇਆ ਸਹਜ ਸੇਤੀ ਮਨਿ ਵਜੀਆ ਵਾਧਾਈਆ ॥ ਰਾਗ ਰਤਨ ਪਰਵਾਰ ਪਰੀਆ ਸਬਦ ਗਾਵਣ ਆਈਆ ॥ ਸਬਦੋ ਤ ਗਾਵਹੁ ਹਰੀ ਕੇਰਾ ਮਨਿ ਜਿਨੀ ਵਸਾਇਆ ॥ ਕਹੈ ਨਾਨਕੁ ਅਨੰਦੁ ਹੋਆ ਸਤਿਗੁਰੂ ਮੈ ਪਾਇਆ ॥੧॥

ਏ ਮਨ ਮੇਰਿਆ ਤੂ ਸਦਾ ਰਹੁ ਹਰਿ ਨਾਲੇ ॥ ਹਰਿ ਨਾਲਿ ਰਹੁ ਤੂ ਮੰਨ ਮੇਰੇ ਦੂਖ ਸਭਿ ਵਿਸਾਰਣਾ ॥ ਅੰਗੀਕਾਰੁ ਓਹੁ ਕਰੇ ਤੇਰਾ ਕਾਰਜ ਸਭਿ ਸਵਾਰਣਾ ॥ ਸਭਨਾ ਗਲਾ ਸਮਰਥੁ ਸੁਆਮੀ ਸੋ ਕਿਉ ਮਨਹੁ ਵਿਸਾਰੇ ॥ ਕਹੈ ਨਾਨਕੁ ਮੰਨ ਮੇਰੇ ਸਦਾ ਰਹੁ ਹਰਿ ਨਾਲੇ ॥੨॥

ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ ॥ ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ ॥ ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ ॥ ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ ॥ ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ ॥੩॥

ਸਾਚਾ ਨਾਮੁ ਮੇਰਾ ਆਧਾਰੋ ॥ ਸਾਚੁ ਨਾਮੁ ਅਧਾਰੁ ਮੇਰਾ ਜਿਨਿ ਭੁਖਾ ਸਭਿ ਗਵਾਈਆ ॥ ਕਰਿ ਸਾਂਤਿ ਸੁਖ ਮਨਿ ਆਇ ਵਸਿਆ ਜਿਨਿ ਇਛਾ ਸਭਿ ਪੁਜਾਈਆ ॥ ਸਦਾ ਕੁਰਬਾਣੁ ਕੀਤਾ ਗੁਰੂ ਵਿਟਹੁ ਜਿਸ ਦੀਆ ਏਹਿ ਵਡਿਆਈਆ ॥ ਕਹੈ ਨਾਨਕੁ ਸੁਣਹੁ ਸੰਤਹੁ ਸਬਦਿ ਧਰਹੁ ਪਿਆਰੋ ॥ ਸਾਚਾ ਨਾਮੁ ਮੇਰਾ ਆਧਾਰੋ ॥੪॥

ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ ॥ ਘਰਿ ਸਭਾਗੈ ਸਬਦ ਵਾਜੇ ਕਲਾ ਜਿਤੁ ਘਰਿ ਧਾਰੀਆ ॥ ਪੰਚ ਦੂਤ ਤੁਧੁ ਵਸਿ ਕੀਤੇ ਕਾਲੁ ਕੰਟਕੁ ਮਾਰਿਆ ॥ ਧੁਰਿ ਕਰਮਿ ਪਾਇਆ ਤੁਧੁ ਜਿਨ ਕਉ ਸਿ ਨਾਮਿ ਹਰਿ ਕੈ ਲਾਗੇ ॥ ਕਹੈ ਨਾਨਕੁ ਤਹ ਸੁਖੁ ਹੋਆ ਤਿਤੁ ਘਰਿ ਅਨਹਦ ਵਾਜੇ ॥੫॥

ਅਨਦੁ ਸੁਣਹੁ ਵਡਭਾਗੀਹੋ ਸਗਲ ਮਨੋਰਥ ਪੂਰੇ ॥ ਪਾਰਬ੍ਰਹਮੁ ਪ੍ਰਭੁ ਪਾਇਆ ਉਤਰੇ ਸਗਲ ਵਿਸੂਰੇ ॥ ਦੂਖ ਰੋਗ ਸੰਤਾਪ ਉਤਰੇ ਸੁਣੀ ਸਚੀ ਬਾਣੀ ॥ ਸੰਤ ਸਾਜਨ ਭਏ ਸਰਸੇ ਪੂਰੇ ਗੁਰ ਤੇ ਜਾਣੀ ॥ ਸੁਣਤੇ ਪੁਨੀਤ ਕਹਤੇ ਪਵਿਤੁ ਸਤਿਗੁਰੁ ਰਹਿਆ ਭਰਪੂਰੇ ॥ ਬਿਨਵੰਤਿ ਨਾਨਕੁ ਗੁਰ ਚਰਣ ਲਾਗੇ ਵਾਜੇ ਅਨਹਦ ਤੂਰੇ ॥੪੦॥੧॥

ਮੁੰਦਾਵਣੀ ਮਹਲਾ ੫ ॥

ਥਾਲ ਵਿਚਿ ਤਿੰਨਿ ਵਸਤੂ ਪਈਓ ਸਤੁ ਸੰਤੋਖੁ ਵੀਚਾਰੋ ॥ ਅੰਮ੍ਰਿਤ ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ ਅਧਾਰੋ ॥ ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ ਹੋਇ ਉਧਾਰੋ ॥ ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ ਉਰਿ ਧਾਰੋ ॥ ਤਮ ਸੰਸਾਰੁ ਚਰਨ ਲਗਿ ਤਰੀਐ ਸਭੁ ਨਾਨਕ ਬ੍ਰਹਮ ਪਸਾਰੋ ॥੧॥

ਸਲੋਕ ਮਹਲਾ ੫ ॥

ਤੇਰਾ ਕੀਤਾ ਜਾਤੋ ਨਾਹੀ ਮੈਨੋ ਜੋਗੁ ਕੀਤੋਈ ॥ ਮੈ ਨਿਰਗੁਣਿਆਰੇ ਕੋ ਗੁਣੁ ਨਾਹੀ ਆਪੇ ਤਰਸੁ ਪਇਓਈ ॥ ਤਰਸੁ ਪਇਆ ਮਿਹਰਾਮਤਿ ਹੋਈ ਸਤਿਗੁਰੁ ਸਜਣੁ ਮਿਲਿਆ ॥ ਨਾਨਕ ਨਾਮੁ ਮਿਲੈ ਤਾਂ ਜੀਵਾਂ ਤਨੁ ਮਨੁ ਥੀਵੈ ਹਰਿਆ ॥੧॥

# ਸੋਹਿਲਾ

## ਸੋਹਿਲਾ ਰਾਗੁ ਗਉੜੀ ਦੀਪਕੀ ਮਹਲਾ ੧
## ੧ੴ ਸਤਿਗੁਰ ਪ੍ਰਸਾਦਿ ॥

ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ ॥ ਤਿਤੁ ਘਰਿ ਗਾਵਹੁ ਸੋਹਿਲਾ ਸਿਵਰਿਹੁ ਸਿਰਜਣਹਾਰੋ ॥੧॥ ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ ॥ ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ ਹੋਇ ॥੧॥ ਰਹਾਉ ॥ ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ ॥ ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ ਦਾਤੇ ਕਵਣੁ ਸੁਮਾਰੁ ॥੨॥ ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ ॥ ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥੩॥ ਘਰਿ ਘਰਿ ਏਹੋ ਪਾਹੁਚਾ ਸਦੜੇ ਨਿਤ ਪਵੰਨਿ ॥ ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਆਵੰਨਿ ॥੪॥੧॥

ਰਾਗੁ ਆਸਾ ਮਹਲਾ ੧ ॥

ਛਿਅ ਘਰ ਛਿਅ ਗੁਰ ਛਿਅ ਉਪਦੇਸ ॥ ਗੁਰੁ ਗੁਰੁ ਏਕੋ ਵੇਸ ਅਨੇਕ ॥੧॥ ਬਾਬਾ ਜੈ ਘਰਿ ਕਰਤੇ ਕੀਰਤਿ ਹੋਇ ॥ ਸੋ ਘਰੁ ਰਾਖੁ ਵਡਾਈ ਤੋਇ ॥੧॥ ਰਹਾਉ ॥ ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਹੋਆ ॥ ਸੂਰਜੁ ਏਕੋ ਰੁਤਿ ਅਨੇਕ ॥ ਨਾਨਕ ਕਰਤੇ ਕੇ ਕੇਤੇ ਵੇਸ ॥੨॥੨॥

ਰਾਗੁ ਧਨਾਸਰੀ ਮਹਲਾ ੧ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥ ਕੈਸੀ ਆਰਤੀ ਹੋਇ ॥ ਭਵ ਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥ ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੁੋਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥ ਹਰਿ ਚਰਣ ਕਵਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ

ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਇ ਵਾਸਾ ॥੪॥੩॥

ਰਾਗੁ ਗਉੜੀ ਪੂਰਬੀ ਮਹਲਾ ੪ ॥
ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ ਖੰਡਲ ਖੰਡਾ ਹੇ ॥ ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ ਲਿਵ ਮੰਡਲ ਮੰਡਾ ਹੇ ॥੧॥ ਕਰਿ ਸਾਧੂ ਅੰਜੁਲੀ ਪੁਨੁ ਵਡਾ ਹੇ ॥ ਕਰਿ ਡੰਡਉਤ ਪੁਨੁ ਵਡਾ ਹੇ ॥੧॥ ਰਹਾਉ ॥ ਸਾਕਤ ਹਰਿ ਰਸ ਸਾਦੁ ਨ ਜਾਣਿਆ ਤਿਨ ਅੰਤਰਿ ਹਉਮੈ ਕੰਡਾ ਹੇ ॥ ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ ॥੨॥ ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ ॥ ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ ਖੰਡ ਬ੍ਰਹਮੰਡਾ ਹੇ ॥੩॥ ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ ਰਾਖੁ ਵਡ ਵਡਾ ਹੇ ॥ ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿ ਨਾਮੇ ਹੀ ਸੁਖੁ ਮੰਡਾ ਹੇ ॥੪॥੪॥

ਰਾਗੁ ਗਉੜੀ ਪੂਰਬੀ ਮਹਲਾ ੫ ॥
ਕਰਉ ਬੇਨੰਤੀ ਸੁਣਹੁ ਮੇਰੇ ਮੀਤਾ ਸੰਤ ਟਹਲ ਕੀ ਬੇਲਾ ॥ ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ ਸੁਹੇਲਾ ॥੧॥ ਅਉਧ ਘਟੈ ਦਿਨਸੁ ਰੈਣਾਰੇ ॥ ਮਨ ਗੁਰ ਮਿਲਿ ਕਾਜ ਸਵਾਰੇ ॥੧॥ ਰਹਾਉ ॥ ਇਹੁ ਸੰਸਾਰੁ ਬਿਕਾਰੁ ਸੰਸੇ ਮਹਿ ਤਰਿਓ ਬ੍ਰਹਮ ਗਿਆਨੀ ॥ ਜਿਸਹਿ ਜਗਾਇ ਪੀਆਵੈ ਇਹੁ ਰਸੁ ਅਕਥ ਕਥਾ ਤਿਨਿ ਜਾਨੀ ॥੨॥ ਜਾ ਕਉ ਆਏ ਸੋਈ ਬਿਹਾਝਹੁ ਹਰਿ ਗੁਰ ਤੇ ਮਨਹਿ ਬਸੇਰਾ ॥ ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ ॥੩॥ ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਪੂਰੇ ॥ ਨਾਨਕ ਦਾਸੁ ਇਹੈ ਸੁਖੁ ਮਾਗੈ ਮੋ ਕਉ ਕਰਿ ਸੰਤਨ ਕੀ ਧੂਰੇ ॥੪॥੫॥